SWITCH INSURANCE
AUTO, HOME & COMMERCIAL
Auto&Home Insurance
Commercial Vehicle Insurance
Commercial Property Insurance
Commercial General Liability (CGL)
Rental Property
Call:905-965-7474
7900 Hurontario St., Suite 308, Brampton, ON, L6Y 0P6
https://www.switchinsurance.ca

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 22* Issue 18** | **Thursday, January 26, 2023** | **Tel: 905-793-2202 | Fax: 905-793-2282 | news@punjabipost.ca** | *ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ*

## ਰੈਸਟੋਰੈਂਟ ਦੇ ਬਾਹਰ ਕੁੱਝ ਮੁਜ਼ਾਹਰਾਕਾਰੀਆਂ ਨੇ ਟਰੂਡੋ ਖਿਲਾਫ ਕੀਤੀ ਨਾਅਰੇਬਾਜ਼ੀ



ਹੈਮਿਲਟਨ, 25 ਜਨਵਰੀ (ਪੋਸਟ ਬਿਊਰੋ) : ਮੰਗਲਵਾਰ ਨੂੰ ਹੈਮਿਲਟਨ ਦੇ ਰੈਸਟੋਰੈਂਟ ਦੇ ਬਾਹਰ ਕੁੱਝ ਮੁਜ਼ਾਹਰਾਕਾਰੀਆਂ ਵੱਲੋਂ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਖਿਲਾਫ ਮੁਜ਼ਾਹਰਾ ਕੀਤਾ ਗਿਆ। ਇਸ ਉੱਤੇ ਟਰੂਡੋ ਨੇ ਆਖਿਆ ਕਿ ਉਹ ਤੈਸ਼ ਵਿੱਚ ਆਏ ਹੋਏ ਲੋਕ ਸਨ।

ਸੋਸ਼ਲ ਮੀਡੀਆ ਉੱਤੇ ਪੋਸਟ ਕੀਤੇ ਗਏ ਇੱਕ ਵੀਡੀਓ ਵਿੱਚ ਨਜ਼ਰ ਆ ਰਿਹਾ ਹੈ ਕਿ ਜੇਮਜ਼ ਸਟਰੀਟ ਤੇ ਯੌਰਕ ਬੁਲੇਵਾਰਡ ਨੇੜੇ ਸਥਿਤ ਜੈਕਸਨ ਸਕੁਏਅਰ ਪਲਾਜ਼ਾ ਵਿੱਚ ਪ੍ਰਧਾਨ ਮੰਤਰੀ ਜਾ ਰਹੇ ਹਨ ਤੇ ਕੁੱਝ ਲੋਕਾਂ ਦਾ ਝੁੰਡ ਉਨ੍ਹਾਂ ਖਿਲਾਫ ਨਾਅਰੇਬਾਜ਼ੀ ਕਰ ਰਿਹਾ ਹੈ। ਇਸ ਵੀਡੀਓ ਵਿੱਚ ਵਰਦੀਧਾਰੀ ਪੁਲਿਸ ਅਧਿਕਾਰੀ ਟਰੂਡੋ ਦੇ ਨਾਲ ਨਾਲ ਜਾਂਦੇ ਵੀ ਨਜ਼ਰ ਆ ਰਹੇ ਹਨ।

ਮੁਜ਼ਾਹਰਾਕਾਰੀਆਂ ਵੱਲੋਂ ਟਰੂਡੋ ਨੂੰ ਗੱਦਾਰ ਦੱਸਦਿਆਂ ਉਨ੍ਹਾਂ ਤੋਂ ਅਸਤੀਫੇ ਦੀ ਮੰਗ ਵੀ ਕੀਤੀ ਗਈ। ਬਹੁਤ ਸਾਰੇ ਮੁਜ਼ਾਹਰਾਕਾਰੀਆਂ ਨੇ ਕੈਨੇਡੀਅਨ ਝੰਡੇ ਵੀ ਚੁੱਕੇ ਹੋਏ ਸਨ। ਜ਼ਿਕਰਯੋਗ ਹੈ ਕਿ ਟਰੂਡੋ ਆਪਣੇ ਕੈਬਨਿਟ ਮੈਂਬਰਾਂ ਨਾਲ ਤਿੰਨ ਰੋਜ਼ਾ ਰਟਰੀਟ ਸਮਾਰੋਹ ਲਈ ਹੈਮਿਲਟਨ ਵਿੱਚ ਹਨ।

## ਹੈਲਥ ਕੇਅਰ ਦੇ ਨਿੱਜੀਕਰਨ ਖਿਲਾਫ ਓਨਟਾਰੀਓ ਦੀਆਂ ਯੂਨੀਅਨਾਂ ਨੇ ਫੈਡਰਲ ਸਰਕਾਰ ਨੂੰ ਲਿਖਿਆ ਖੁੱਲ੍ਹਾ ਪੱਤਰ

ਓਨਟਾਰੀਓ, 25 ਜਨਵਰੀ (ਪੋਸਟ ਬਿਊਰੋ) : ਓਨਟਾਰੀਓ ਦੀਆਂ ਸੱਭ ਤੋਂ ਵੱਡੀਆਂ ਪੰਜ ਹੈਲਥ ਕੇਅਰ ਯੂਨੀਅਨਜ਼ ਦਾ ਕਹਿਣਾ ਹੈ ਕਿ ਪ੍ਰੀਮੀਅਰ ਦੇ ਅਮੈਰੀਕਨ ਸਟਾਈਲ ਪ੍ਰਾਈਵੇਟ ਫੌਰ ਪਰੌਫਿਟ ਹਸਪਤਾਲ ਤਿਆਰ ਕਰਨ ਦੀ ਯੋਜਨਾ ਨਾਲ ਉਨ੍ਹਾਂ ਦੇ ਮੈਂਬਰ ਤੇ ਜਿਨ੍ਹਾਂ ਦੀ ਉਹ ਸੰਭਾਲ ਕਰਦੇ ਹਨ ਉਨ੍ਹਾਂ ਲਈ ਖਤਰਾ ਖੜ੍ਹਾ ਹੋ ਗਿਆ ਹੈ। ਯੂਨੀਅਨਾਂ ਨੇ ਫੈਡਰਲ ਸਰਕਾਰ ਤੋਂ ਵੀ ਇਹ ਮੰਗ ਕੀਤੀ ਹੈ ਕਿ ਕੈਨੇਡਾ ਹੈਲਥ ਟਰਾਂਸਫਰਜ਼ ਸਬੰਧੀ ਗੱਲਬਾਤ ਕਰਦੇ ਸਮੇਂ ਇਸ ਗੱਲ ਨੂੰ ਉਚੇਚੇ ਤੌਰ ਉੱਤੇ ਧਿਆਨ ਵਿੱਚ ਰੱਖਿਆ ਜਾਵੇ। ਕੂਪ, ਐਸਈਆਈਯੂ ਹੈਲਥਕੇਅਰ, ਓਪੀਐਸਈਯੂ/ਐਸਈਐਫਪੀਓ, ਓਐਨਏ ਤੇ ਯੂਨੀਫੌਰ ਦੇ ਆਗੂਆਂ ਵੱਲੋਂ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਤੇ ਡਿਪਟੀ ਪ੍ਰਧਾਨ ਮੰਤਰੀ ਕ੍ਰਿਸਟੀਆ ਫਰੀਲੈਂਡ ਨੂੰ ਲਿਖੇ ਖੁੱਲ੍ਹੇ ਪੱਤਰ ਵਿੱਚ ਇਸ ਮੁੱਦੇ ਨੂੰ ਪਹਿਲੇ ਦੇ ਅਧਾਰ ਉੱਤੇ ਵਿਚਾਰਨ ਦੀ ਬੇਨਤੀ ਕੀਤੀ ਗਈ।



295,000 ਵਰਕਰਜ਼ ਦੀ ਨੁਮਾਇੰਦਗੀ ਕਰਨ ਵਾਲੀਆਂ ਇਨ੍ਹਾਂ ਯੂਨੀਅਨਾਂ ਨੇ ਆਖਿਆ ਕਿ ਡੱਗ ਫੋਰਡ ਵੱਲੋਂ ਪਹਿਲਾਂ ਹੀ ਉਨ੍ਹਾਂ ਦੇ ਮੈਂਬਰਾਂ ਨੂੰ ਕਈ ਤਰ੍ਹਾਂ ਨੁਕਸਾਨ ਪਹੁੰਚਾਇਆ ਜਾ ਚੁੱਕਿਆ ਹੈ। ਸਾਡੇ ਮੈਂਬਰ ਸਾਂਝੇ ਸਮਝੌਤੇ ਲਈ ਖੁੱਲ੍ਹ ਕੇ ਗੱਲਬਾਤ ਨਹੀਂ ਕਰ ਸਕਦੇ, ਫੈਡਰਲ ਫੰਡਾਂ, ਜਿਨ੍ਹਾਂ ਨੂੰ ਮਹਾਂਮਾਰੀ ਦੌਰਾਨ ਬਿਹਤਰ ਪਬਲਿਕ ਸੇਵਾਵਾਂ ਲਈ ਦਿੱਤਾ ਜਾਣਾ ਸੀ, ਦੀ ਮੁੜ ਟਰਾਂਸਫਰ ਦੇ ਨਾਂ ਉੱਤੇ ਹੈਲਥਕੇਅਰ ਸਿਸਟਮ ਨੂੰ ਫੋਰਡ ਸਰਕਾਰ ਵੱਲੋਂ ਘੱਟ ਫੰਡ ਦਿੱਤੇ ਜਾ ਰਹੇ ਹਨ।

ਇਸ ਪੱਤਰ ਵਿੱਚ ਇਹ ਵੀ ਲਿਖਿਆ ਗਿਆ ਕਿ ਪ੍ਰਾਈਵੇਟ ਕਲੀਨਿਕਸ ਨੂੰ ਫੰਡ ਮੁਹੱਈਆ ਕਰਵਾਏ ਜਾਣ ਨਾਲ ਓਨਟਾਰੀਓ ਦੇ ਪਬਲਿਕ ਹਸਪਤਾਲਾਂ ਦੀ ਹਾਈ ਕੁਆਲਿਟੀ ਕੇਅਰ ਮੁਹੱਈਆ ਕਰਵਾਉਣ ਦੀ ਸਮਰੱਥਾ ਘਟੇਗੀ ਤੇ ਫਰੰਟ ਲਾਈਨ ਸਟਾਫ ਲਈ ਚੁਣੌਤੀਆਂ ਹੋਰ ਵਧ ਜਾਣਗੀਆਂ। ਇਹ ਖਤਰਨਾਕ ਪਲੈਨ ਹੈ ਤੇ ਇਸ ਨਾਲ ਹਰ ਕਿਸੇ ਨੂੰ ਇੱਕੋ ਜਿਹੀ ਹੈਲਥਕੇਅਰ ਮੁਹੱਈਆ ਕਰਵਾਉਣ ਦਾ ਸੁਪਨਾ ਸਾਕਾਰ ਨਹੀਂ ਹੋ ਸਕੇਗਾ।

## ਹੈਲਥ ਕੇਅਰ ਸਬੰਧੀ ਨਵੀਂ ਡੀਲ ਵਾਸਤੇ ਫਰਵਰੀ ਵਿੱਚ ਮੁਲਾਕਾਤ ਕਰਨਗੇ ਟਰੂਡੋ ਤੇ ਕੈਨੇਡਾ ਦੇ ਪ੍ਰੀਮੀਅਰ

ਹੈਮਿਲਟਨ, 25 ਜਨਵਰੀ (ਪੋਸਟ ਬਿਊਰੋ) : ਹੈਲਥ ਕੇਅਰ ਲਈ ਨਵੇਂ ਫੰਡ ਸਬੰਧੀ ਨਵੀਂ ਡੀਲ ਕਰਨ ਲਈ ਕੋਈ ਰਾਹ ਲੱਭਣ ਵਾਸਤੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਤੇ ਕੈਨੇਡਾ ਦੇ ਪ੍ਰੀਮੀਅਰ ਅਗਲੇ ਮਹੀਨੇ ਓਟਵਾ ਵਿੱਚ ਮੁਲਾਕਾਤ ਕਰਨਗੇ।

ਟਰੂਡੋ ਵੱਲੋਂ ਇਹ ਐਲਾਨ ਬੁੱਧਵਾਰ ਸਵੇਰੇ ਕੀਤਾ ਜਾਵੇਗਾ। ਇਹ ਜਾਣਕਾਰੀ ਦੋ ਫੈਡਰਲ ਅਧਿਕਾਰੀਆਂ ਨੇ ਆਪਣਾ ਨਾਂ ਗੁਪਤ ਰੱਖਣ ਦੀ ਸ਼ਰਤ ਉੱਤੇ ਦਿੱਤੀ। ਅਗਲੇ ਹਫਤੇ ਪਾਰਲੀਆਮੈਂਟ ਦੀ ਕਾਰਵਾਈ ਮੁੜ ਸ਼ੁਰੂ ਹੋਣ ਤੋਂ ਪਹਿਲਾਂ ਪ੍ਰਧਾਨ ਮੰਤਰੀ ਤੇ ਉਨ੍ਹਾਂ ਦੇ ਮੰਤਰੀ ਮੰਡਲ ਵੱਲੋਂ ਹੈਮਿਲਟਨ, ਓਨਟਾਰੀਓ ਵਿੱਚ ਤਿੰਨ ਰੋਜ਼ਾ ਰਟਰੀਟ ਪ੍ਰੋਗਰਾਮ ਵਿੱਚ ਹਿੱਸਾ ਲਿਆ ਜਾ ਰਿਹਾ ਹੈ। ਰਟਰੀਟ ਦੌਰਾਨ ਪ੍ਰੋਵਿੰਸਾਂ ਤੇ ਟੈਰੇਟਰੀਜ਼ ਨਾਲ ਫੈਡਰਲ ਸਰਕਾਰ ਵੱਲੋਂ ਕੀਤੇ ਜਾਣ ਵਾਲੇ ਨਵੇਂ ਹੈਲਥ ਕੇਅਰ ਫੰਡਿੰਗ ਸਮਝੌਤੇ ਦਾ ਮੁੱਦਾ ਛਾਇਆ ਰਿਹਾ।



ਸੂਤਰਾਂ ਨੇ ਦੱਸਿਆ ਕਿ ਇਹ ਮੀਟਿੰਗ ਫੰਡਿੰਗ ਸਬੰਧੀ ਨਵਾਂ ਸਮਝੌਤਾ ਫਾਈਨਲ ਕਰਨ ਲਈ ਨਹੀਂ ਹੋਵੇਗੀ ਸਗੋਂ ਇਸ ਸਮਝੌਤੇ ਤੱਕ ਪਹੁੰਚਣ ਲਈ ਕੋਸ਼ਿਸ਼ਾਂ ਨੂੰ ਹੋਰ ਤੇਜ਼ ਕਰਨ ਵਾਸਤੇ ਹੋਵੇਗੀ। ਤਿੰਨ ਸਾਲ ਤੱਕ ਚੱਲੀ ਕੋਵਿਡ-19 ਮਹਾਂਮਾਰੀ ਤੇ ਹੈਲਥ ਕੇਅਰ ਵਰਕਰਜ਼ ਦੀ ਘਾਟ ਕਾਰਨ ਕੈਨੇਡਾ ਦਾ ਹੈਲਥ ਕੇਅਰ ਸਿਸਟਮ ਕਾਫੀ ਚਰਮਰਾ ਚੁੱਕਿਆ ਹੈ। ਪ੍ਰੀਮੀਅਰਜ਼ ਵੱਲੋਂ ਓਟਵਾ ਤੋਂ ਹੈਲਥ ਕੇਅਰ ਬਜਟ ਨੂੰ 22 ਫੀ ਸਦੀ ਤੋਂ ਵਧਾ ਕੇ 35 ਫੀ ਸਦੀ ਕਰਨ ਦੀ ਮੰਗ ਕੀਤੀ ਜਾ ਰਹੀ ਹੈ। ਟਰੂਡੋ ਤੇ ਸਿਹਤ ਮੰਤਰੀ ਜੀਨ ਯਵੇਸ ਡਕਲਸ ਵੱਲੋਂ ਅਜੇ ਤੱਕ ਇਹ ਸਪਸ਼ਟ ਨਹੀਂ ਕੀਤਾ ਗਿਆ ਹੈ ਕਿ ਓਟਵਾ ਹੈਲਥ ਕੇਅਰ ਲਈ ਹੋਰ ਕਿੰਨਾਂ ਫੰਡ ਦੇਣਾ ਚਾਹੁੰਦਾ ਹੈ।

## ਖਰਾਬ ਮੌਸਮ ਕਾਰਨ ਪੀਅਰਸਨ ਏਅਰਪੋਰਟ ਨੇ ਰੱਦ ਕੀਤੀਆਂ ਕਈ ਉਡਾਨਾਂ

ਓਨਟਾਰੀਓ, 25 ਜਨਵਰੀ (ਪੋਸਟ ਬਿਊਰੋ) : ਭਾਰੀ ਬਰਫਬਾਰੀ ਕਾਰਨ ਟੋਰਾਂਟੋ ਪੀਅਰਸਨ ਇੰਟਰਨੈਸ਼ਨਲ ਏਅਰਪੋਰਟ ਵੱਲੋਂ ਸੈਂਕੜੇ ਉਡਾਨਾਂ ਰੱਦ ਕਰ ਦਿੱਤੀਆਂ ਗਈਆਂ। ਏਅਰਪੋਰਟ ਨੇ ਦੱਸਿਆ ਕਿ ਇੱਥੋਂ ਰਵਾਨਾ ਹੋਣ ਵਾਲੀਆਂ 25.8 ਫੀ ਸਦੀ ਉਡਾਨਾਂ ਰੱਦ ਕੀਤੀਆਂ ਗਈਆਂ ਹਨ ਤੇ ਇਸੇ ਤਰ੍ਹਾਂ ਇੱਥੇ ਪਹੁੰਚਣ ਵਾਲੀਆਂ 26 ਫੀ ਸਦੀ ਉਡਾਨਾਂ ਨੂੰ ਵੀ ਰੱਦ ਕਰ ਦਿੱਤਾ ਗਿਆ ਹੈ। ਕੁੱਲ ਮਿਲਾ ਕੇ 106 ਡਿਪਾਰਚਰ ਤੇ 106 ਐਰਾਈਵਲਜ਼ ਰੱਦ ਕੀਤੇ ਗਏ ਹਨ। 20 ਸੈਂਟੀਮੀਟਰ ਦੇ ਨੇੜੇ ਤੇੜੇ ਬਰਫਬਾਰੀ ਹੋ ਜਾਣ ਕਾਰਨ ਸ਼ਾਮ ਵੇਲੇ ਤੱਕ



ਦਰਜਨਾਂ ਹੋਰ ਉਡਾਨਾਂ ਰੱਦ ਕੀਤੇ ਜਾਣ ਦੀ ਸੰਭਾਵਨਾ ਹੈ ਤੇ ਕਈ ਉਡਾਨਾਂ ਵਿੱਚ ਦੇਰ ਵੀ ਹੋ ਸਕਦੀ ਹੈ। ਟੋਰਾਂਟੋ ਪੀਅਰਸਨ ਵੱਲੋਂ ਯਾਤਰੀਆਂ ਨੂੰ ਇਹ ਸਲਾਹ ਦਿੱਤੀ ਜਾ ਰਹੀ ਹੈ ਕਿ ਏਅਰਪੋਰਟ ਲਈ ਰਵਾਨਾ ਹੋਣ ਤੋਂ ਪਹਿਲਾਂ ਉਹ ਏਅਰਪੋਰਟ ਦੀ ਵੈੱਬਸਾਈਟ ਉੱਤੇ ਜਾਂ ਆਪਣੀ ਏਅਰਲਾਈਨ ਤੋਂ ਆਪਣੀ ਫਲਾਈਟ ਦੇ ਸਟੇਟਸ ਦਾ ਪਤਾ ਜ਼ਰੂਰ ਲਗਾ ਲੈਣ। ਦੱਖਣੀ ਓਨਟਾਰੀਓ ਵਿੱਚ ਟਰੈਵਲ ਐਡਵਾਈਜ਼ਰੀ ਪ੍ਰਭਾਵੀ ਹੋਣ ਕਾਰਨ ਏਅਰ ਕੈਨੇਡਾ ਦਾ ਕਹਿਣਾ ਹੈ ਕਿ ਟਰੈਵਲਰਜ਼ ਆਪਣੀ ਫਲਾਈਟ ਵਿੱਚ ਤਬਦੀਲੀਆਂ ਵੀ ਕਰ ਸਕਦੇ ਹਨ।

## ਸਰਿੰਜ ਲੈ ਕੇ ਇੱਕ ਵਿਅਕਤੀ ਟੀਟੀਸੀ ਮੁਲਾਜ਼ਮਾਂ ਦੇ ਪਿੱਛੇ ਪਿਆ, ਗ੍ਰਿਫਤਾਰ

ਟੋਰਾਂਟੋ, 25 ਜਨਵਰੀ (ਪੋਸਟ ਬਿਊਰੋ) : ਡਾਊਨਟਾਊਨ ਟੋਰਾਂਟੋ ਵਿੱਚ ਟੀਟੀਸੀ ਦੇ ਵਰਕਰਜ਼ ਦੇ ਪਿੱਛੇ ਸਰਿੰਜ ਲੈ ਕੇ ਪੈਣ ਵਾਲੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਬੁੱਧਵਾਰ ਨੂੰ ਸਵੇਰੇ 7:30 ਵਜੇ ਦੇ ਨੇੜੇ ਤੇੜੇ ਯੰਗ ਤੇ ਡੰਡਸ ਸਟਰੀਟ ਉੱਤੇ ਵਾਪਰੀ ਇਸ ਘਟਨਾ ਦੀ ਜਾਣਕਾਰੀ ਦੇ ਕੇ ਪੁਲਿਸ ਨੂੰ ਮੌਕੇ ਉੱਤੇ ਸੱਦਿਆ ਗਿਆ। ਪੁਲਿਸ ਨੇ ਦੱਸਿਆ ਕਿ ਮੁਲਾਜ਼ਮਾਂ ਨੂੰ ਕੋਈ ਨੁਕਸਾਨ ਨਹੀਂ ਪਹੁੰਚਿਆ ਹੈ। ਇਸ ਦੌਰਾਨ ਕਿਸੇ ਦੇ ਵੀ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LEPAGE Flower City Realty Off: 905.230.3100

INSURANCE
Home · Auto
Business · Trucking
Life Insurance · Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

OURR HOME & APPLIANCES
OPEN BOX & BRAND NEW UNITS AVAILABLE IN ALL BRANDS
NEW YEAR SPECIAL DEALS
PRICE $4599
KitchenAid moffat MAYTAG LG Electrolux JENNAIR BOSCH Whirlpool SAMSUNG
UNIT #1, 241 CLARENCE, ST BRAMPTON, ON L6W3E7, (416) 551 3343
44 FASKEN DR. #2-9 ETOBICKOKE, ON M9W 5M8, (416) 792-0877
UNIT #6 410 LEWIS ROAD, STONEY CREEK, ON L8E 5Y7, (905) 643 0818
UNIT #4- 1540 FANSHAWE PARK ROAD WEST
5781 HIGHWAY 7 UNIT 10, VAUGHAN, ON L4L 178, (416) 477 5556
1050 SPEERS ROAD, OAKVILLE, ON, L6L 2X4, (416) 613 0555
416-551-5553 WWW.OURRHOMEAPPLIANCES.COM

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat Broker
Aaxel InsuranceBrokers Ltd.
1332 Khalsa Dr, Unit # 11, Mississauga, ON L5S 0A2

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

KELLEY LAW OFFICE
Immigration · Real Estate
Family Law · Business Closing
Corporate · Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types · Walkie pallet Low Lift · Electric Motor Narrow Aisle Reach · Cherry Order Picker
Canadian National Forklift Safety Group
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
(Government Approved Licensed Technician)
416 938 4598

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc. Advice you can bank on.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਕੁਲਵਿੰਦਰ ਸਿੰਘ ਸਰਾਏ ਦਾ ਪੰਜਾਬ ਭਵਨ ਸਰੀ ਵਿਚ ਸੁੱਖੀ ਬਾਠ ਵੱਲੋਂ ਸਵਾਗਤ



ਸਰੀ, 25 ਜਨਵਰੀ (ਗਿਆਨ ਸਿੰਘ): ਪੰਜਾਬ ਭਵਨ ਸਰੀ ਕੈਨੇਡਾ ਵਿਖੇ ਕੁਲਵਿੰਦਰ ਸਿੰਘ ਸਰਾਏ, ਸਾਬਕਾ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ ਸਿੱਖਿਆ) ਸ਼ਹੀਦ ਭਗਤ ਸਿੰਘ ਨਗਰ, ਸੰਚਾਲਕ ਮੰਜਕੀ ਪੰਜਾਬੀ ਸੱਥ ਭੰਗਾਲਾ ਦੇ ਪਹੁੰਚਣ ’ਤੇ ਸੁੱਖੀ ਬਾਠ ਨੇ ਸਵਾਗਤ ਕੀਤਾ। ਉਹਨਾਂ ਨੇ ਇਹ ਵੀ ਕਿਹਾ ਕਿ ਸਰਾਏ ਪਰਿਵਾਰ ਨੂੰ ਸਾਹਿਤ ਨਾਲ ਜੁੜਿਆ ਕਈ ਸਾਲ ਹੋ ਗਏ ਹਨ, ਜਿਨ੍ਹਾਂ ਨੇ ਮਾਂ ਬੋਲੀ ਦੀ ਪ੍ਰਫੁੱਲਤਾ ਲਈ ਕਈ ਉਪਰਾਲੇ ਕੀਤੇ ਅਤੇ ਕਈ ਪੁਸਤਕਾਂ ਵੀ ਛਪਾਈਆ ਹਨ।ਉਹ ਇਸ ਗੱਲ ਦਾ ਮਾਣ ਮਹਿਸੂਸ ਕਰਦੇ ਹਨ ਕਿ ਕੁਲਵਿੰ-ਦਰ ਸਿੰਘ ਸਰਾਏ ਪੰਜਾਬ ਭਵਨ ਸਰੀ ਕੈਨੇਡਾ ਵਿੱਖੇ ਪਹੁੰਚੇ।ਨਾਲ ਹੀ ਉਹਨਾਂ ਨੇ ਵਾਹਿਗੁਰੂ ਦੇ ਚਰਨਾਂ ਵਿੱਚ ਉਹਨਾਂ ਦੀ ਚੜ੍ਹਦੀਕਲਾ ਦੀ ਅਰਦਾਸ ਕੀਤੀ

ਕੁਲਵਿੰਦਰ ਸਿੰਘ ਸਰਾਏ ਨੇ ਪੱਤਰਕਾਰਾਂ ਨਾਲ ਗਲਬਾਤ ਕਰਦੇ ਕਿਹਾ ਕਿ ਉਹਨਾਂ ਨੂੰ ਪੰਜਾਬ ਭਵਨ ਸਰੀ ਕੈਨੇਡਾ ਵਿਖੇ ਪਹੁੰਚ ਕੇ ਬਹੁਤ ਮਾਣ ਮਹਿਸੂਸ ਹੋ ਰਿਹਾ ਹੈ । ਉਹਨਾਂ ਨੇ ਸੁੱਖੀ ਬਾਠ ਵਲੋਂ ਪੰਜਾਬੀ ਮਾਂ ਬੋਲੀ, ਸਭਿਆਚਾਰ ਅਤੇ ਵਿਰਾਸਤ ਦੇ ਲਈ ਕੀਤੇ ਜਾ ਰਹੇ ਕਾਰਜਾਂ ਦੀ ਪ੍ਰਸੰਸਾ ਕੀਤੀ । ਕੁਲਵਿੰਦਰ ਸਿੰਘ ਸਰਾਏ ਨੇ ਪੰਜਾਬੀ ਭਵਨ ਸਰੀ ਕੈਨੇਡਾ ਦੇ ਸਮੁੱਚੇ ਪਰਬੰਧਕਾਂ ਅਤੇ ਸੁੱਖੀ ਬਾਠ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਵਾਹਿਗੁਰੂ ਦੇ ਚਰਨਾਂ ਵਿੱਚ ਚੜ੍ਹਦੀਕਲਾ ਦੀ ਅਰਦਾਸ ਕੀਤੀ।

# ਟੀਟੀਸੀ ਦੀ ਬੱਸ ਉੱਤੇ ਛੁਰੇਬਾਜ਼ੀ ਕਾਰਨ 16 ਸਾਲਾ ਲੜਕਾ ਜ਼ਖ਼ਮੀ



ਟੋਰਾਂਟੋ, 25 ਜਨਵਰੀ (ਪੋਸਟ ਬਿਊਰੋ) : ਓਲਡ ਮਿੱਲ ਸਬਵੇਅ ਸਟੇਸ਼ਨ ਉੱਤੇ ਟੀਟੀਸੀ ਦੀ ਬੱਸ ਵਿੱਚ ਇੱਕ 16 ਸਾਲਾ ਲੜਕੇ ਨੂੰ ਚਾਕੂ ਮਾਰ ਕੇ ਜ਼ਖ਼ਮੀ ਕਰ ਦਿੱਤਾ ਗਿਆ।

ਬੁੱਧਵਾਰ ਦੁਪਹਿਰੇ 4:00 ਵਜੇ ਤੋਂ ਪਹਿਲਾਂ ਵਾਪਰੀ ਇਸ ਘਟਨਾ ਦੀ ਜਾਣਕਾਰੀ ਦੇ ਕੇ ਪੁਲਿਸ ਨੂੰ ਬਲੂਅਰ ਸਟਰੀਟ ਵੈਸਟ ਤੇ ਓਲਡ ਮਿੱਲ ਏਰੀਆ ਵਿੱਚ ਸੱਦਿਆ ਗਿਆ। ਲੜਕੇ ਦੇ ਸ਼ਰੀਰ ਤੇ ਲੱਤਾਂ ਉੱਤੇ ਚਾਕੂ ਨਾਲ ਕਈ ਵਾਰ ਕੀਤੇ ਜਾਣ ਕਾਰਨ ਉਹ ਬੁਰੀ ਤਰ੍ਹਾਂ ਜ਼ਖ਼ਮੀ ਸੀ। ਪਰ ਉਸ ਦੇ ਜ਼ਖ਼ਮ ਜਾਨਲੇਵਾ ਨਹੀਂ ਸਨ। ਮਸ਼ਕੂਕ ਸਬੰਧੀ ਜਾਰੀ ਕੀਤੇ ਗਏ ਵੇਰਵੇ ਅਨੁਸਾਰ ਉਹ ਆਪਣੇ 20ਵਿਆਂ ਵਿੱਚ ਸੀ ਤੇ ਉਸ ਦੀ ਕੱਦਕਾਠੀ ਦਰਮਿਆਨੀ ਸੀ, ਉਸ ਨੇ ਨੀਲੇ ਰੰਗ ਦਾ ਮਾਸਕ ਤੇ ਕਾਲੀ ਜੈਕੇਟ ਪਾਈ ਹੋਈ ਸੀ ਤੇ ਉਸ ਦੇ ਹੁੱਡ ਨਾਲ ਸਿਰ ਢਕਿਆ ਹੋਇਆ ਸੀ। ਉਸ ਨੂੰ ਆਖਰੀ ਵਾਰੀ ਬਲੂਅਰ ਸਟਰੀਟ ਉੱਤੇ ਪੂਰਬ ਵੱਲ ਜਾਂਦਿਆਂ ਵੇਖਿਆ ਗਿਆ।

ਪੁਲਿਸ ਵੱਲੋਂ ਇਹ ਜਾਣਕਾਰੀ ਨਹੀਂ ਦਿੱਤੀ ਗਈ ਕਿ ਮਸ਼ਕੂਕ ਤੇ ਹਮਲਾਵਰ ਇੱਕ ਦੂਜੇ ਨੂੰ ਜਾਣਦੇ ਸਨ ਜਾਂ ਨਹੀਂ। ਇਸ ਤੋਂ ਪਹਿਲਾਂ ਦਿਨ ਵੇਲੇ ਇੱਕ ਵਿਅਕਤੀ ਨੂੰ ਹੱਥ ਵਿੱਚ ਸਰਿੰਜ ਲੈ ਕੇ ਟੀਟੀਸੀ ਦੇ ਦੋ ਮੁਲਾਜ਼ਮਾਂ ਦਾ ਪਿੱਛਾ ਕਰਨ ਦੇ ਸਬੰਧ ਵਿੱਚ ਗ੍ਰਿਫਤਾਰ ਕੀਤਾ ਗਿਆ।

## ਅੱਜ ਨਾਮਾ

ਭਾਜਪਾ ਵਾਲਿਆਂ ਨੇ ਕੱਟਿਆ ਮੋੜ ਤਕੜਾ,
ਲਿਆ ਸਟੈਂਡ ਇਹ ਪਹਿਲੜੀ ਵਾਰ ਮੀਆਂ।
ਪਾਣੀ ਪੰਜਾਬ ਦਾ ਜਾਣ ਨਹੀਂ ਬਾਹਰ ਦੇਣਾ,
ਸਿਰਫ ਪੰਜਾਬ ਦਾ ਇਹ ਅਧਿਕਾਰ ਮੀਆਂ।
ਹਰਿਆਣਾ ਲਾਂਵਦਾ ਜ਼ੋਰ ਹੈ ਪਾਣੀਆਂ ਲਈ,
ਚੱਕਰ ਅਦਾਲਤਾਂ ਦੇ ਰਿਹਾ ਹੈ ਮਾਰ ਮੀਆਂ।
ਮੁੱਕਾ ਹਾਲੇ ਨਹੀਂ ਤੇ ਮੁੱਕਦਾ ਜਾਪਦਾ ਨਹੀਂ,
ਕਹਿੰਦੀ ਕੋਰਟ ਜਾਂ ਕੇਂਦਰ ਸਰਕਾਰ ਮੀਆਂ।
ਪਾਰਲੀਮੈਂਟ ਲਈ ਚੋਣ ਜਦ ਪਈ ਆਉਂਦੀ,
ਭਾਜਪਾ ਲੱਗੀ ਪਈ ਬਣਤ ਬਣਾਉਣ ਮੀਆਂ।
ਨਾਅਰੇ ਲਾਉਂਦੇ ਭਰਮਾਊ ਹਨ ਬਹੁਤ ਏਥੇ,
ਉਹ ਵੀ ਲੱਗੀ ਹੈ ਦਾਅ ਅਜ਼ਮਾਉਣ ਮੀਆਂ।

ਤੀਸ ਮਾਰ ਖਾਂ

# ਲਖੀਮਪੁਰ ਖੀਰੀ ਹਿੰਸਾ ਮਾਮਲੇ ਵਿਚ ਆਸ਼ੀਸ਼ ਮਿਸ਼ਰਾ ਨੂੰ ਮਿਲੀ ਅੰਤਰਿਮ ਜ਼ਮਾਨਤ

ਨਵੀਂ ਦਿੱਲੀ, 25 ਜਨਵਰੀ (ਪੋਸਟ ਬਿਊਰੋ): ਲਖੀਮਪੁਰ ਖੀਰੀ ਹਿੰਸਾ ਮਾਮਲੇ ‘ਚ ਸੁਪਰੀਮ ਕੋਰਟ ਨੇ ਆਸ਼ੀਸ਼ ਮਿਸ਼ਰਾ ਨੂੰ ਅੰਤਰਿਮ ਜ਼ਮਾਨਤ ਦੇ ਦਿੱਤੀ ਹੈ। ਸੁਪਰੀਮ ਕੋਰਟ ਨੇ ਮਿਸ਼ਰਾ ਨੂੰ 8 ਹਫ਼ਤਿਆਂ ਲਈ ਸ਼ਰਤੀਆ ਜ਼ਮਾਨਤ ‘ਤੇ ਰਿਹਾਅ ਕਰਨ ਦਾ ਹੁਕਮ ਦਿੱਤਾ ਹੈ। ਸੁਪਰੀਮ ਕੋਰਟ ਨੇ ਆਸ਼ੀਸ਼ ਮਿਸ਼ਰਾ ਨੂੰ ਆਪਣੇ ਟਿਕਾਣੇ ਬਾਰੇ ਅਦਾਲਤ ਨੂੰ ਜਾਣਕਾਰੀ ਦੇਣ ਦਾ ਨਿਰਦੇਸ਼ ਦਿੱਤਾ ਹੈ। ਇਸਦੇ ਨਾਲਮ ਹੀ ਨਾਲ ਹੀ ਸੁਪਰੀਮ ਕੋਰਟ ਨੇ ਕਿਹਾ ਕਿ ਜੇਕਰ ਆਸ਼ੀਸ਼ ਮਿਸ਼ਰਾ ਜਾਂ ਉਸ ਦੇ ਪਰਿਵਾਰ ਨੇ ਕੇਸ ਨਾਲ ਸਬੰਧਤ ਗਵਾਹਾਂ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕੀਤੀ ਜਾਂ ਸੁਣਵਾਈ ਵਿੱਚ ਦੇਰੀ ਕੀਤੀ ਤਾਂ ਆਸ਼ੀਸ਼ ਮਿਸ਼ਰਾ ਦੀ ਜ਼ਮਾਨਤ ਰੱਦ ਕਰ ਦਿੱਤੀ ਜਾਵੇਗੀ।

ਜਿਕਰਯੋਗ ਹੈ ਕਿ 19 ਜਨਵਰੀ ਨੂੰ ਸੁਪਰੀਮ ਕੋਰਟ ਨੇ ਆਸ਼ੀਸ਼ ਮਿਸ਼ਰਾ ਦੀ ਜ਼ਮਾਨਤ ‘ਤੇ ਫੈਸਲਾ ਸੁਰੱਖਿਅਤ ਰੱਖ ਲਿਆ ਸੀ . ਇਸ ਦੌਰਾਨ ਉੱਤਰ ਪ੍ਰਦੇਸ਼ ਸਰਕਾਰ ਨੇ ਸੁਪਰੀਮ ਕੋਰਟ ‘ਚ ਮੁਲਜ਼ਮ ਆਸ਼ੀਸ਼ ਮਿਸ਼ਰਾ ਦੀ ਜ਼ਮਾਨਤ ਪਟੀਸ਼ਨ ਦਾ ਵਿਰੋਧ ਕੀਤਾ। ਉਨ੍ਹਾਂ ਨੇ ਅਦਾਲਤ ਨੂੰ ਇਹ ਵੀ ਦੱਸਿਆ ਕਿ ਘਟਨਾ ਦੇ ਚਸ਼ਮਦੀਦ ਗਵਾਹ ਨੇ ਮਿਸ਼ਰਾ ਨੂੰ ਮੌਕੇ ਤੋਂ ਭੱਜਦੇ ਦੇਖਿਆ ਸੀ ਅਤੇ ਇਸ ਗੱਲ ਦਾ ਚਾਰਜਸ਼ੀਟ ‘ਚ ਵੀ ਜ਼ਕਿਰ ਹੈ। ਉੱਤਰ ਪ੍ਰਦੇਸ਼ ਸਰਕਾਰ ਨੇ ਅਦਾਲਤ ‘ਚ ਕਿਹਾ ਕਿ ਅਪਰਾਧ ਗੰਭੀਰ ਸ਼੍ਰੇਣੀ ਦਾ ਹੈ ਅਤੇ ਅਜਿਹੇ ‘ਚ ਦੋਸ਼ੀਆਂ ਨੂੰ ਜ਼ਮਾਨਤ ਦੇਣ ਨਾਲ ਸਮਾਜ ‘ਤੇ ਬੁਰਾ ਪ੍ਰਭਾਵ ਪਵੇਗਾ।

ਦੱਸ ਦੇਈਏ ਕਿ ਲਖੀਮਪੁਰ ਖੇੜੀ ਹਿੰਸਾ ਮਾਮਲੇ ਦੇ ਆਸ਼ੀਸ਼ ਮਿਸ਼ਰਾ ਦੀ ਜ਼ਮਾਨਤ ਪਟੀਸ਼ਨ ‘ਤੇ ਸੁਪਰੀਮ ਕੋਰਟ ਸੁਣਵਾਈ ਕਰ ਰਿਹਾ ਹੈ। ਅਸ਼ੀਸ਼ ਮਿਸ਼ਰਾ ਨੇ ਅਲਾਹਾਬਾਦ ਹਾਈਕੋਰਟ ਦੇ ਉਸ ਫੈਸਲੇ ਖ਼ਿਲਾਫ਼ ਸੁਪਰੀਮ ਕੋਰਟ ‘ਚ ਪਟੀਸ਼ਨ ਦਾਇਰ ਕੀਤੀ ਹੈ, ਜਿਸ ‘ਚ ਹਾਈਕੋਰਟ ਨੇ ਹਿੰਸਾ ਮਾਮਲੇ ‘ਚ ਆਸ਼ੀਸ਼ ਮਿਸ਼ਰਾ ਨੂੰ ਜ਼ਮਾਨਤ ਦੇਣ ਤੋਂ ਇਨਕਾਰ ਕਰ ਦਿੱਤਾ ਸੀ।

ਜਦੋਂ ਸੁਪਰੀਮ ਕੋਰਟ ਨੇ ਜ਼ਮਾਨਤ ਪਟੀਸ਼ਨ ਦਾ ਵਿਰੋਧ ਕਰਨ ਦਾ ਕਾਰਨ ਪੁੱਛਿਆ ਤਾਂ ਉੱਤਰ ਪ੍ਰਦੇਸ਼ ਸਰਕਾਰ ਦੇ ਐਡੀਸ਼ਨਲ ਐਡਵੋਕੇਟ ਜਨਰਲ ਗਰਿਮਾ ਪ੍ਰਸਾਦ ਨੇ ਜਸਟਿਸ ਸੂਰਿਆਕਾਂਤ ਅਤੇ ਜਸਟਿਸ ਜੇ ਕੇ ਮਹੇਸ਼ਵਰੀ ਦੇ ਬੈਂਚ ਨੂੰ ਕਿਹਾ ਕਿ ਇਹ ਅਪਰਾਧ ਗੰਭੀਰ ਸ਼੍ਰੇਣੀ ਦਾ ਹੈ ਅਤੇ ਆਸ਼ੀਸ਼ ਮਿਸ਼ਰਾ ਨੂੰ ਜ਼ਮਾਨਤ ਦੇਣ ਨਾਲ ਸਮਾਜ ਵਿੱਚ ਗਲਤ ਸੰਦੇਸ਼ ਜਾਵੇਗਾ।

ਆਸ਼ੀਸ਼ ਮਿਸ਼ਰਾ ਦੀ ਜ਼ਮਾਨਤ ਪਟੀਸ਼ਨ ਦਾ ਵਿਰੋਧ ਕਰ ਰਹੇ ਲੋਕਾਂ ਦੀ ਤਰਫੋਂ ਸੀਨੀਅਰ ਵਕੀਲ ਦੁਸ਼ਯੰਤ ਦਵੇ ਅਦਾਲਤ ਵਿੱਚ ਪੇਸ਼ ਹੋਏ। ਦੁਸ਼ਯੰਤ ਦਵੇ ਨੇ ਇਹ ਵੀ ਕਿਹਾ ਕਿ ਦੋਸ਼ੀਆਂ ਨੂੰ ਜ਼ਮਾਨਤ ਦੇਣ ਨਾਲ ਸਮਾਜ ਵਿਚ ਗਲਤ ਸੰਦੇਸ਼ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਇੱਕ ਸਾਜ਼ਿਸ਼ ਅਤੇ ਸੋਚਿਆ ਸਮਝਿਆ ਕਤਲ ਸੀ . ਦਵੇ ਨੇ ਦੱਸਿਆ ਕਿ ਮੁਲਜ਼ਮ ਇੱਕ ਪ੍ਰਭਾਵਸ਼ਾਲੀ ਵਿਅਕਤੀ ਦਾ ਲੜਕਾ ਹੈ ਅਤੇ ਉਸ ਦਾ ਕੇਸ ਵੀ ਸੀਨੀਅਰ ਵਕੀਲਾਂ ਵੱਲੋਂ ਲੜਿਆ ਜਾ ਰਿਹਾ ਹੈ।

ਆਸ਼ੀਸ਼ ਮਿਸ਼ਰਾ ਦੀ ਤਰਫੋਂ ਸੀਨੀਅਰ ਵਕੀਲ ਮੁਕੁਲ ਰੋਹਤਗੀ ਅਦਾਲਤ ‘ਚ ਪੇਸ਼ ਹੋਏ ਅਤੇ ਦੁਸ਼ਯੰਤ ਦਵੇ ਦੀ ਦਲੀਲ ਦਾ ਵਿਰੋਧ ਕਰਦੇ ਹੋਏ ਕਿਹਾ ਕਿ ਉਹ ਕੌਣ ਹੈ? ਇਹ ਕਿੰਨਾ ਸ਼ਕਤੀਸ਼ਾਲੀ ਹੈ? ਕੀ ਇਹ ਜ਼ਮਾਨਤ ਨਾ ਦੇਣ ਦਾ ਕਾਰਨ ਹੈ? ਮੁਕੁਲ ਰੋਹਤਗੀ ਨੇ ਦਲੀਲ ਦਿੱਤੀ ਕਿ ਉਸ ਦਾ ਮੁਵੱਕਿਲ ਇੱਕ ਸਾਲ ਤੋਂ ਵੱਧ ਸਮੇਂ ਤੋਂ ਜੇਲ੍ਹ ਵਿੱਚ ਹੈ ਅਤੇ ਜਿਸ ਤਰ੍ਹਾਂ ਨਾਲ ਮੁਕੱਦਮਾ ਚੱਲ ਰਿਹਾ ਹੈ, ਉਸ ਨੂੰ ਪੂਰਾ ਹੋਣ ਵਿੱਚ 7-8 ਸਾਲ ਲੱਗ ਜਾਣਗੇ।





















# ਅਨੋਖੇ ਸ਼ਹੀਦ ਬਾਬਾ ਦੀਪ ਸਿੰਘ ਜੀ ਨੂੰ ਯਾਦ ਕਰਦਿਆਂ

ਮਾਂਵਾਂ ਦੀਆਂ ਗੋਦੀਆਂ ਵਿੱਚ ਦੁੱਧ ਚੁੰਘਦੇ ਬੱਚਿਆਂ ਤੋਂ ਲੈਕੇ ਸੱਤਰਵਿਆਂ ਨੂੰ ਪਾਰ ਕਰ ਗਏ ਬਾਬਿਆਂ ਦੀਆਂ ਸ਼ਹਾਦਤਾਂ ਸਾਡੀ ਸਿੱਖ ਕੌਮ ਦਾ ਮਾਣ ਹਨ। ਇਤਿਹਾਸ ਦੇ ਹਰ ਪੰਨੇ 'ਤੇ ਹਰ ਦਿਨ ਸ਼ਹਾਦਤਾਂ ਆਪਣੀ ਗਵਾਹੀ ਦਿੰਦੀਆਂ ਹਨ। ਹੱਕ-ਸੱਚ ਨਾਲ਼ ਖੜ੍ਹਨ ਦਾ ਇਹ ਜਜ਼ਬਾ ਕਦੇ ਮਾਂਵਾਂ ਦੀਆਂ ਝੋਲੀਆਂ 'ਚ ਤੇ ਕਦੇ ਮਾਂਵਾਂ ਦੇ ਗਲਾਂ 'ਚ ਬੱਚਿਆਂ ਦੇ ਟੋਟਿਆਂ ਦਾ ਹਾਰ ਬਣਕੇ, ਕਦੇ ਨੀਹਾਂ 'ਚ, ਕਦੇ ਚਰਖੜੀਆਂ 'ਤੇ, ਕਦੇ ਦੇਗਾਂ ਚ ਉਬਾਲਿਆਂ ਦੇ ਰੂਪ ਵਿੱਚ ਤੇ ਕਦੇ ਜੰਗ ਦੇ ਮੈਦਾਨ 'ਚ ਬਿਨਾਂ ਸ਼ੀਸ਼ ਤੋਂ ਲੜਦਾ ਅਨੋਖੀਆਂ ਸ਼ਹਾਦਤਾਂ ਵਿੱਚ ਨਜ਼ਰ ਆਉਂਦਾ ਹੈ।

ਪਿੰਡ ਪਹੂਵਿੰਡ, ਤਹਿਸੀਲ ਪੱਟੀ ਜ਼ਿਲ੍ਹਾ ਲਾਹੌਰ (ਬਾਅਦ ਵਿੱਚ ਜ਼ਿਲ੍ਹਾ ਅੰਮ੍ਰਿਤਸਰ ਹੁਣ ਤਰਨਤਾਰਨ) ਵਿਖੇ ਸਿਮਰਨ ਅਤੇ ਕਿਰਤ ਕਰਨ ਵਾਲੇ ਪਰਿਵਾਰ ਵਿੱਚ ਭਾਈ ਭਗਤਾ ਜੀ ਘਰ 26 ਜਨਵਰੀ 1682 (14 ਮਾਘ 1739 ਬਿਕ੍ਰਮੀ) ਨੂੰ ਅੰਮ੍ਰਿਤ ਵੇਲ਼ੇ ਬੀਬੀ ਜਿਊਣੀ ਜੀ ਦੀ ਪਵਿੱਤਰ ਕੁੱਖੋਂ ਇੱਕ ਬਾਲਕ ਦਾ ਜਨਮ ਹੋਇਆ ਜਿਸ ਦਾ ਨਾਂ ਦੀਪ ਰੱਖਿਆ ਗਿਆ। ਇਹੀ ਬਾਲਕ ਸਿੱਖ ਇਤਿਹਾਸ ਵਿੱਚ ਅਨੋਖੇ ਸ਼ਹੀਦ ਬਾਬਾ ਦੀਪ ਸਿੰਘ ਕਰਕੇ ਜਾਣਿਆ ਜਾਂਦਾ ਹੈ।

1699 ਵਿੱਚ ਵਿਸਾਖੀ ਵਾਲੇ ਦਿਨ ਆਨੰਦਪੁਰ ਸਾਹਿਬ ਵਿਖੇ ਗੁਰੂ ਗੋਬਿੰਦ ਸਿੰਘ ਜੀ ਦੇ ਖਾਲਸਾ ਪੰਥ ਦੀ ਸਾਜਣਾ ਮੌਕੇ ਅੰਮ੍ਰਿਤ ਸੰਚਾਰ ਬਾਰੇ ਆਪ ਜੀ ਨੂੰ ਇੱਕ ਮਸੰਦ ਤੋਂ ਪਤਾ ਲੱਗਾ। ਆਪ ਆਪਣੇ ਪਰਿਵਾਰ ਸਮੇਤ ਗੁਰੂ ਸਾਹਿਬ ਕੋਲ ਜਾ ਪਹੁੰਚੇ ਇੱਥੇ ਆਪ ਜੀ ਨੇ ਅੰਮ੍ਰਿਤ ਛਕਿਆ। ਖ਼ਾਲਸਾਈ ਸਿਧਾਂਤਾਂ ਮੁਤਾਬਿਕ ਆਪ ਜੀ ਦਾ ਦੀਪ ਸਿੰਘ ਰੱਖਿਆ ਗਿਆ। ਸਤਿਕਾਰ ਵਜੋਂ ਗੁਰੂ ਸਾਹਿਬ ਆਪ ਜੀ ਨੂੰ ਭਾਈ ਦੀਪ ਸਿੰਘ ਆਖਕੇ ਬੁਲਾਉਂਦੇ ਸੀ। ਆਪ ਜੀ ਨਾਂ ਨਾਲ ਬਾਬਾ ਸ਼ਬਦ ਕਾਫੀ ਸਮਾਂ ਬਾਅਦ ਵਿੱਚ ਲੱਗਾ। ਅੰਮ੍ਰਿਤ ਛੱਕ ਕੇ ਗੁਰੂ ਸਾਹਿਬ ਦੀ ਸੰਗਤ ਵਿੱਚ ਸੇਵਾ ਕਰਦਿਆਂ ਕੁਝ ਦਿਨਾਂ ਬਾਅਦ ਭਾਈ ਦੀਪ ਸਿੰਘ ਦੇ ਮਾਤਾ-ਪਿਤਾ ਨੇ ਜਦ ਗੁਰੂ ਜੀ ਤੋਂ ਵਾਪਸ ਜਾਣ ਦੀ ਆਗਿਆ ਮੰਗੀ ਤਾਂ ਗੁਰੂ ਸਾਹਿਬ ਨੇ ਭਾਈ ਦੀਪ ਸਿੰਘ ਨੂੰ ਆਪਣੇ ਕੋਲ਼ ਹੀ ਰੱਖ ਲਿਆ। ਭਾਈ ਸਾਹਿਬ ਦੀ ਅਰਬੀ, ਫ਼ਾਰਸੀ ਤੇ ਗੁਰਮੁਖੀ ਲਿਪੀ ਵਿੱਚ ਨਿਪੁੰਨਤਾ ਲਈ ਗੁਰੂ ਜੀ ਨੇ ਪੜ੍ਹਾਈ ਦਾ ਪ੍ਰਬੰਧ ਵੀ ਕਰ ਦਿੱਤਾ। ਇਸ ਦੌਰਾਨ ਭਾਈ ਸਾਹਿਬ ਨੇ ਸ਼ਾਸਤਰ ਵਿਦਿਆ ਵਿੱਚ ਵੀ ਚੰਗੀ ਮੁਹਾਰਤ ਹਾਸਲ ਕਰ ਲਈ।

ਇਸ ਤਰ੍ਹਾਂ ਆਪ 1700 ਈ ਤੋਂ 20 ਦਸੰਬਰ 1704 ਈ ਤੱਕ ਗੁਰੂ ਸਾਹਿਬ ਜੀ ਪਾਸ ਹੀ ਰਹੇ। ਆਨੰਦਪੁਰ ਸਾਹਿਬ ਦੀਆਂ ਲੜਾਈਆਂ ਵਿੱਚ ਆਪ ਜੀ ਨੇ ਆਪਣੀ ਸੂਰਬੀਰਤਾ ਦਿਖਾਈ।

ਜਦੋਂ ਗੁਰੂ ਸਾਹਿਬ ਜੀ ਨੇ ਅਨੰਦਪੁਰ ਸਾਹਿਬ ਦਾ ਕਿਲ੍ਹਾ ਛੱਡਿਆ ਤਾਂ ਆਪਣੇ ਮਹਿਲਾਂ ਮਾਤਾ ਸੁੰਦਰ ਕੌਰ ਜੀ ਤੇ ਮਾਤਾ ਸਾਹਿਬ ਕੌਰ ਜੀ ਦੀ ਸੇਵਾ ਸੰਭਾਲ ਤੇ ਨਿਗਰਾਨੀ ਲਈ ਭਾਈ ਮਨੀ ਸਿੰਘ,ਭਾਈ ਦੀਪ ਸਿੰਘ, ਭਾਈ ਧੰਨਾ ਸਿੰਘ ਨਾਲ਼ ਭਾਈ ਜਵਾਹਰ ਸਿੰਘ ਜੀ ਨੂੰ ਮੁਖੀ ਬਣਾ ਕੇ ਦੋ ਸੇਵਾਦਾਰਨੀਆਂ ਦੇਕੇ ਦਿੱਲੀ ਤੋਰਿਆ। ਇੱਥੇ ਕੁੱਝ ਸਮਾਂ ਰਹਿਕੇ ਆਪ ਆਪਣੇ ਪਿੰਡ ਪਹੂਵਿੰਡ ਵਾਪਸ ਆ ਗਏ ਸੀ।

ਚਮਕੌਰ ਸਾਹਿਬ ਦੀ ਲੜਾਈ ਤੋਂ ਬਾਅਦ ਤਲਵੰਡੀ ਸਾਬੋ ਪਹੁੰਚਣ ਤੋਂ ਬਾਅਦ ਗੁਰੂ ਸਾਹਿਬ ਨੇ ਮਨ ਬਣਾਇਆ ਕਿ ਆਦਿ ਬੀੜ ਵਿੱਚ ਗੁਰੂ ਤੇਗ ਬਹਾਦਰ ਜੀ ਦੀ ਬਾਣੀ ਸ਼ਾਮਲ ਕਰਕੇ ਮੁਕੰਮਲ ਕੀਤਾ ਜਾਵੇ। ਇਸ ਲਈ ਭਾਈ ਮਨੀ ਸਿੰਘ ਵੀ ਗੁਰੂ ਜੀ ਪਾਸ ਪਹੁੰਚ ਗਏ। ਭਾਈ ਮਨੀ ਸਿੰਘ ਇਸ ਕਾਰਜ ਵਿੱਚ ਸਹਿਯੋਗ ਲਈ ਭਾਈ ਦੀਪ ਸਿੰਘ ਨੂੰ ਸੱਦਣ ਦੀ ਗੁਰੂ ਜੀ ਅੱਗੇ ਬੇਨਤੀ ਕੀਤੀ ਤੇ ਗੁਰੂ ਜੀ ਨੇ ਇਹ ਬੇਨਤੀ ਪ੍ਰਵਾਨ ਵੀ ਕਰ ਲਈ।

ਸੱਦਾ ਦੇਕੇ ਭਾਈ ਸਾਹਿਬ ਨੂੰ ਪਹੂਵਿੰਡ ਤੋਂ ਬੁਲਾ ਲਿਆਂਦਾ ਗਿਆ। ਬੀੜ ਲਿਖਣ ਵੇਲ਼ੇ ਭਾਈ ਮਨੀ ਸਿੰਘ ਦੇ ਨਾਲ਼ ਭਾਈ ਦੀਪ ਸਿੰਘ ਨੇ ਕਲਮਾਂ, ਕਾਗ਼ਜ਼ ਤੇ ਸਿਆਹੀ ਦੇ ਪ੍ਰਬੰਧ ਦੀ ਵਿਸ਼ੇਸ਼ ਸੇਵਾ ਨਿਭਾਈ। ਇਸ ਤਰ੍ਹਾਂ 9 ਮਹੀਨੇ 9 ਦਿਨ 9 ਘੜੀਆਂ ਵਿੱਚ ਇਹ ਬੀੜ ਸੰਪੂਰਨ ਹੋਈ। ਜਿਸ ਨੂੰ ਕਿ ਦਮਦਮੀ ਵਾਲ਼ੀ ਬੀੜ ਕਰਕੇ ਜਾਣਿਆ ਜਾਂਦਾ ਹੈ।

ਗੁਰੂ ਗੋਬਿੰਦ ਸਿੰਘ ਜੀ ਦੱਖਣ ਨੂੰ ਜਾਣ ਸਮੇਂ ਭਾਈ ਦੀਪ ਸਿੰਘ ਨੂੰ ਕੁਝ ਜ਼ੁੰਮੇਵਾਰੀਆਂ ਤੇ ਸੇਵਾਵਾਂ ਦੇਕੇ ਗਏ। ਜਿਸ ਵਿੱਚ ਦਮਦਮਾ ਸਾਹਿਬ ਵਿਖੇ ਪੜ੍ਹਾਉਣ ਦੀ ਜ਼ੁੰਮੇਵਾਰੀ ਵੱਡੀ ਸੀ ਭਾਈ ਦੀਪ ਸਿੰਘ ਦੀ ਵਿੱਦਿਆ ਪ੍ਰਣਾਲੀ ਦੀ ਟਕਸਾਲ ਬਹੁਤ ਪ੍ਰਫੁੱਲਤ ਹੋਈ। ਇਸ ਟਕਸਾਲ ਦੀਆਂ 3 ਸ਼ਾਖਾਵਾਂ ਅੱਜ ਵੀ ਚੱਲ ਰਹੀਆਂ ਹਨ। ਦੂਜੀ ਵੱਡੀ ਜ਼ੁੰਮੇਵਾਰੀ ਦਮਦਮੀ ਬੀੜ ਦੇ ਉਤਾਰੇ ਦੀ ਸੀ। ਆਪ ਜੀ ਨੇ 1706 ਵਿੱਚ ਇਹ ਸੇਵਾ ਆਰੰਭ ਕੀਤੀ, ਆਪਣੇ ਹੱਥਾਂ ਨਾਲ਼ ਲਿਖਕੇ ਪੰਥ ਦੇ ਪ੍ਰਸਿੱਧ ਚਾਰ ਤਖ਼ਤ ਸਾਹਿਬਾਨ ਸ੍ਰੀ ਆਕਾਲ ਤਖ਼ਤ



ਸਾਹਿਬ, ਤਖ਼ਤ ਸ੍ਰੀ ਕੇਸਗੜ ਸਾਹਿਬ, ਤਖ਼ਤ ਸ੍ਰੀ ਪਟਨਾ ਸਾਹਿਬ, ਤਖ਼ਤ ਸ੍ਰੀ ਅਬਚਲ ਨਗਰ ਹਜ਼ੂਰ ਸਾਹਿਬ ਵਿਖੇ ਭੇਜੀਆਂ।

ਭਾਈ ਦੀਪ ਸਿੰਘ ਪੰਥ ਦੇ ਪਹਿਲੇ ਅਜਿਹੇ ਵਿਦਵਾਨ ਤੇ ਲਿਖਾਰੀ ਸਨ ਜਿਨ੍ਹਾਂ ਨੇ ਅਰਬੀ ਜ਼ੁਬਾਨ ਵਿੱਚ ਆਪਣੇ ਹੱਥੀਂ ਇੱਕ ਬੀੜ ਲਿਖ ਕੇ ਅਰਬ ਦੇਸ਼ ਵਿੱਚ ਭੇਜੀ ਸੀ।

ਸੰਨ 1707 ਵਿੱਚ ਜਦ ਮਾਧੋ ਦਾਸ ਬੈਰਾਗੀ ਨੂੰ ਗੁਰੂ ਗੋਬਿੰਦ ਸਿੰਘ ਜੀ ਨੇ ਅੰਮ੍ਰਿਤ ਦੀ ਦਾਤ ਦੇਕੇ ਬੰਦਾ ਸਿੰਘ ਬਹਾਦਰ ਬਣਾਕੇ ਪੰਜਾਬ ਵੱਲ ਤੋਰਿਆ ਤਾਂ ਨਾਲ਼ ਹੀ ਸਿੰਘਾਂ ਨੂੰ ਹੁਕਮਨਾਮੇ ਜਾਰੀ ਕੀਤੇ ਕਿ ਉਹ ਬੰਦਾ ਸਿੰਘ ਬਹਾਦਰ ਦਾ ਸਹਿਯੋਗ ਦੇਣ। ਇਹ ਹੁਕਮਨਾਮਾ ਭਾਈ ਦੀਪ ਸਿੰਘ ਜੀ ਪਾਸ ਵੀ ਪੁੱਜਾ। 1709 ਵਿੱਚ, ਭਾਈ ਦੀਪ ਸਿੰਘ ਜੀ ਬੰਦਾ ਸਿੰਘ ਬਹਾਦਰ ਨਾਲ ਸਢੌਰੇ ਦੀ ਲੜਾਈ ਅਤੇ ਚੱਪੜਚਿੜੀ ਦੀ ਲੜਾਈ ਦੌਰਾਨ ਸ਼ਾਮਲ ਹੋਏ।

ਭਾਈ ਦੀਪ ਸਿੰਘ ਦੀ ਬਹਾਦਰੀ ਦੀ ਪ੍ਰਸੰਸਾ ਕਰਦਿਆਂ ਬੰਦਾ ਸਿੰਘ ਬਹਾਦਰ ਜੀ ਨੇ ਜ਼ਿੰਦਾ ਸ਼ਹੀਦ ਦਾ ਖਿਤਾਬ ਦਿੱਤਾ। ਇਸ ਖਿਤਾਬ ਤੋਂ ਹੀ ਸ਼ਹੀਦ ਮਿਸਲ ਦਾ ਜਨਮ ਹੋਇਆ। ਆਪ ਜੀ ਸ਼ਹੀਦ ਮਿਸਲ ਦੇ ਪਹਿਲੇ ਜਥੇਦਾਰ ਬਣੇ। ਦਮਦਮੀ ਟਕਸਾਲ ਵੀ ਆਪ ਜੀ ਤੋਂ ਹੀ ਆਰੰਭ ਹੋਈ। ਆਪ ਜੀ ਹੀ ਇਸ ਟਕਸਾਲ ਦੇ ਪਹਿਲੇ ਮੁਖੀ ਬਣੇ।

1733 ਵਿੱਚ, ਨਵਾਬ ਕਪੂਰ ਸਿੰਘ ਨੇ ਉਹਨਾਂ ਨੂੰ ਇਕ ਹਥਿਆਰਬੰਦ ਟੁਕੜੀ ਦਾ ਮੁਖੀ ਨਿਯੁਕਤ ਕੀਤਾ।

1748 ਦੀ ਵਿਸਾਖੀ ਨੂੰ, ਅੰਮ੍ਰਿਤਸਰ ਵਿੱਚ ਸਰਬੱਤ ਖ਼ਾਲਸੇ ਮੌਕੇ ਜਦ ਦਲ ਖਾਲਸੇ ਦੇ ਜਥਿਆਂ ਨੂੰ ਬਾਰ੍ਹਾਂ ਮਿਸਲਾਂ ਵਿੱਚ ਮੁੜ ਸੰਗਠਿਤ ਕੀਤਾ ਤਾਂ ਭਾਈ ਦੀਪ ਸਿੰਘ ਜੀ ਨੂੰ ਸ਼ਹੀਦ ਮਿਸਲ ਦੀ ਅਗਵਾਈ ਸੌਂਪੀ ਗਈ।

ਜਦੋਂ ਅਹਿਮਦ ਸ਼ਾਹ ਅਬਦਾਲੀ ਭਾਰਤ 'ਤੇ ਅਪਣੇ ਚੌਥੇ ਹਮਲੇ ਦੌਰਾਨ ਦਿੱਲੀ, ਅਗਰਾ ਅਤੇ ਮਥੁਰਾ ਸ਼ਹਿਰਾਂ ਦੀ ਲੁੱਟ-ਮਾਰ ਕਰ ਕੇ ਅਤੇ ਨੌਜਵਾਨ ਲੜਕੀਆਂ ਨੂੰ ਬੰਦੀ ਬਣਾ ਕੇ ਅਫ਼ਗਾਨਿਸਤਾਨ ਲਿਜਾ ਰਿਹਾ ਸੀ ਤਾਂ ਬਾਬਾ ਦੀਪ ਸਿੰਘ ਦੇ ਜਥੇ ਨੇ ਉਸ ਤੇ ਹਮਲਾ ਕਰ ਕੇ ਲੁੱਟਿਆ ਧਨ ਅਤੇ ਲੜਕੀਆਂ ਛੁਡਵਾ ਲਈਆਂ। ਅਹਿਮਦ ਸ਼ਾਹ ਅਬਦਾਲੀ ਨੇ ਸਿੱਖਾਂ ਦੀ ਇਸ ਕਾਰਵਾਈ ਉਪਰੰਤ ਤੈਮੂਰ ਸ਼ਾਹ ਨੂੰ ਪੰਜਾਬ ਦਾ ਰਾਜ ਸੌਂਪ ਦਿਤਾ ਅਤੇ ਜਨਰਲ ਜਾਹਾਨ ਖ਼ਾਨ ਅਧੀਨ ਤਕਰੀਬਨ ਦਸ ਹਜ਼ਾਰ ਫੌਜਾਂ ਛੱਡ,ਆਪ ਵਾਪਸ ਕਾਬਲ ਚਲਾ ਗਿਆ। ਅਹਿਮਦ ਸ਼ਾਹ ਅਬਦਾਲੀ ਦੇ ਹੁਕਮ 'ਤੇ ਸ੍ਰੀ ਦਰਬਾਰ ਸਾਹਿਬ ਜੀ ਦੀ ਬੇਅਦਬੀ ਦੀਆਂ ਕੋਸ਼ਸ਼ਾਂ ਸ਼ੁਰੂ ਹੋ ਗਈਆਂ। ਜਦੋਂ ਮੁਗ਼ਲ ਸ੍ਰੀ ਦਰਬਾਰ ਸਾਹਿਬ ਦੀ ਬੇਅਦਬੀ ਕਰ ਰਹੇ ਸਨ ਤਾਂ ਉਸ ਵਕਤ ਬਾਬਾ ਜੀ ਦਮਦਮਾ ਸਾਹਿਬ ਵਿਖੇ ਸਨ।

ਬਾਬਾ ਜੀ ਨੇ ਅਪਣਾ 18 ਸੇਰ ਦਾ ਖੰਡਾ ਖੜਕਾਉਂਦਿਆਂ ਤਕਰੀਬਨ ਪੰਜ ਸੌ ਸਿੰਘਾਂ ਦੇ ਜਥੇ ਨਾਲ਼ ਦਰਬਾਰ ਸਾਹਿਬ ਵੱਲ ਚਾਲੇ ਪਾ ਦਿੱਤੇ।ਤਰਨਤਾਰਨ ਤੱਕ ਪਹੁੰਚਦਿਆਂ ਉਨ੍ਹਾਂ ਦੇ ਜਥੇ ਦੀ ਗਿਣਤੀ ਪੰਜ ਹਜ਼ਾਰ ਦੇ ਕਰੀਬ ਹੋ ਗਈ।

ਉੱਥੇ ਪਹੁੰਚ ਕੇ ਬਾਬਾ ਜੀ ਨੇ ਅਪਣੇ 18 ਸੇਰੀ ਖੰਡੇ ਨਾਲ ਲਕੀਰ ਖਿੱਚਦਿਆਂ ਕੁਰਬਾਨੀ ਦੇਣ ਵਾਲੇ ਸਿੰਘਾਂ ਨੂੰ ਲਕੀਰ ਟੱਪ ਆਉਣ ਲਈ ਕਿਹਾ। ਸਾਰੇ ਦੇ ਸਾਰੇ ਸਿੰਘ ਲਕੀਰ ਟੱਪ ਕੇ ਦਰਬਾਰ ਸਾਹਿਬ ਲਈ ਕੁਰਬਾਨ ਹੋਣ ਲਈ ਤਿਆਰ ਹੋ ਗਏ। ਸਿੰਘਾਂ ਦੇ ਪਹੁੰਚਣ ਦੀ ਖ਼ਬਰ ਮੁਗ਼ਲਾਂ ਨੂੰ ਵੀ ਲੱਗ ਗਈ ਅਤੇ ਉਨ੍ਹਾਂ ਤਕਰੀਬਨ 35 ਹਜ਼ਾਰ ਦੇ ਲਾਮ ਲਸ਼ਕਰ ਸਮੇਤ ਸਿੰਘਾਂ ਦੇ ਮੁਕਾ-ਬਲੇ ਲਈ ਚਾਲੇ ਪਾ ਦਿਤੇ। ਸਿੰਘ ਮੁਗ਼ਲ ਫ਼ੌਜਾਂ ਨੂੰ ਪਛਾੜਦੇ ਚੱਬਾ ਪਿੰਡ ਪਾਰ ਕਰ ਗਏ।ਪਿੰਡ ਚੱਬਾ ਨੇੜੇ ਬਾਬਾ ਜੀ ਅਤੇ ਜਹਾਨ ਖ਼ਾਨ ਦਾ ਆਹਮੋ-ਸਾਹਮਣੇ ਦਾ ਮੁਕਾਬਲਾ ਹੋਇਆ। ਇਸ ਦੌਰਾਨ ਦੋਵਾਂ ਦੇ ਸਿਰ ਧੜਾਂ ਤੋਂ ਅਲੱਗ ਹੋ ਗਏ। ਬਾਬਾ ਜੀ ਨੇ ਸੀਸ ਦੇ ਧੜ ਤੋਂ ਅਲੱਗ ਹੋਣ ਦੇ ਬਾਵਜੂਦ ਸ੍ਰੀ ਦਰਬਾਰ ਸਾਹਿਬ ਪਹੁੰਚਣ ਦੀ ਅਪਣੀ ਪ੍ਰਤਿਗਿਆ ਨੂੰ ਮਨ ਵਿਚ ਚਿਤਵਿਆ।

ਬਾਬਾ ਜੀ ਧੜ ਤੋਂ ਅਲੱਗ ਹੋਇਆ ਸੀਸ ਤਲੀ 'ਤੇ ਰੱਖ ਮੁੜ 18 ਸੇਰ ਦੇ ਖੰਡੇ ਨਾਲ ਮੈਦਾਨ-ਏ-ਜੰਗ ਵਿਚ ਉੱਤਰ ਆਏ। ਬਾਬਾ ਜੀ ਨੂੰ ਬਿਨਾ ਸੀਸ ਤੋਂ ਜੰਗ ਵਿੱਚ ਲੜਦਿਆਂ ਵੇਖ ਮੁਗ਼ਲ ਫੌਜਾਂ ਵਿੱਚ ਭਾਜੜ ਪੈ ਗਈ ਅਤੇ ਉਹ ਬਿਨਾ ਯੁੱਧ ਕੀਤੇ ਮੈਦਾਨ ਛੱਡ ਗਏ। ਬਾਬਾ ਜੀ ਨੇ ਸ੍ਰੀ ਦਰਬਾਰ ਸਾਹਿਬ ਵੱਲ ਆਪਣਾ ਸਫ਼ਰ ਜਾਰੀ ਰੱਖਿਆ ਅਤੇ ਪਰਕਰਮਾ ਵਿੱਚ ਸੀਸ ਭੇਟ ਕਰ ਕੇ 13 ਨਵੰਬਰ 1757 ਨੂੰ ਅਦੁੱਤੀ ਸ਼ਹਾਦਤ ਦਾ ਜਾਮ ਪੀ ਗਏ। ਪੂਰੀ ਦੁਨੀਆਂ ਵਿੱਚ ਹੋਈਆਂ ਸ਼ਹਾਦਤਾਂ ਵਿੱਚ ਬਾਬਾ ਦੀਪ ਸਿੰਘ ਦੀ ਇਸ ਸ਼ਹਾਦਤ ਨੂੰ ਅਨੋਖੀ ਸ਼ਹਾਦਤ ਮੰਨਿਆ ਗਿਆ ਹੈ।

*-ਸੁਖਚੈਨ ਸਿੰਘ ਕੁਰੜ (ਪੰਜਾਬੀ ਅਧਿਆਪਕ)*
*ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਨਾ ਸਿੰਘ ਵਾਲ਼ਾ (ਫ਼ਿਰੋਜ਼ਪੁਰ)।*

26 ਜਨਵਰੀ 'ਤੇ ਵਿਸ਼ੇਸ਼

## ਅਪੀਲਾਂ-ਦਲੀਲਾਂ

ਅਪੀਲਾਂ-ਦਲੀਲਾਂ, ਰੋਸੇ ਤੇ
ਸੁਣਵਾਈਆਂ,
ਠੁੱਸ ਹੋ ਰਹੀਆਂ, ਜਿਉਂ ਹੋਵਣ
ਹਵਾਈਆਂ।
ਤਰਾਜ਼ੂ ਬਰਾਬਰੀ ਦਾ,ਦਰਸਾਇਆ ਏ
ਜਾਂਦਾ,
ਐਪਰ ਪਾ ਕੇ 'ਪਾਸਕੂ', ਝੁਕਾਇਆ
ਏ ਜਾਂਦਾ,
ਅਸਲੀਅਤਾਂ ਜਾਂਦੀਆਂ, ਹਮੇਸਾਂ
ਲੁਕਾਈਆਂ,
ਅਪੀਲਾਂ-ਦਲੀਲਾਂ,
ਫਿਰ ਖ਼ਰੀਦੋ-ਫ਼ਰੋਖ਼ਤ ਦਾ, ਦੌਰ
ਚੱਲਦਾ ਏ,
ਪਤਾ ਨਹੀਂ ਲੱਗਦਾ, ਕੌਣ ਕੀਹਦੇ
ਵੱਲ ਦਾ ਏ,
ਘਟਨਾਵਾਂ ਆਮ ਕਰਕੇ, ਜਾਂਦੀਆਂ
ਵਟਾਈਆਂ,
ਅਪੀਲਾਂ-ਦਲੀਲਾਂ .........
ਵਕੀਲਾਂ, ਡਾਕਟਰਾਂ ਤੇ, ਲੋਕਾਂ ਦੇ
ਧਰਨੇ,
ਹਟਾ ਨਹੀਂ ਸਕੇ, ਈ ਵੀ ਐਮ ਦੇ
ਡਰਨੇ,
ਇੱਛਾਵਾਂ ਲੋਕਾਂ ਦੀਆਂ, ਨਾ ਜਾਣ
ਪੁਗਾਈਆਂ,
ਅਪੀਲਾਂ-ਦਲੀਲਾਂ ........
'ਸੰਵਿਧਾਨ-ਦਿਵਸ' ਤੇ, ਜਾਗੀ ਏ
ਆਸ਼ਾ,
ਕੁੱਝ ਤੇ ਮੁੱਕੇਗੀ, ਫ਼ੈਲੀ ਹੈ ਜੋ
ਨਿਰਾਸ਼ਾ,
ਲੱਗਦਾ ਮਿਲਣਗੀਆਂ,ਸੱਭ ਨੂੰ
ਵਧਾਈਆਂ,
ਅਪੀਲਾਂ-ਦਲੀਲਾਂ .........

*-ਜੇ. ਐਸ. ਸੇਖੋਂ,*
*ਫੋਨ:+91 73475-60156*

# ਤਾਰਾ ਰਹਿਤ ਰਾਤ

ਜਿਸ ਤਰ੍ਹਾਂ ਹਵਾ ਪ੍ਰਦੂਸ਼ਣ ਜਾਂ ਸ਼ੋਰ ਪ੍ਰਦੂਸ਼ਣ ਹੁੰਦਾ ਹੈ, ਉਸੇ ਤਰ੍ਹਾਂ ਪ੍ਰਕਾਸ਼ ਪ੍ਰਦੂਸ਼ਣ ਵੀ ਹੁੰਦਾ ਹੈ ਅਤੇ ਇਹ ਪ੍ਰਦੂਸ਼ਣ ਲਗਾਤਾਰ ਵਧਦਾ ਜਾ ਰਿਹਾ ਹੈ। ਇਸ ਪ੍ਰਦੂਸ਼ਣ ਦਾ ਮਾੜਾ ਪ੍ਰਭਾਵ ਇਹ ਹੈ ਕਿ ਚੀਜ਼ਾਂ ਉਸ ਤਰ੍ਹਾਂ ਦਿਖਾਈ ਨਹੀਂ ਦਿੰਦੀਆਂ ਜਿਵੇਂ ਕਿ ਹੋਣੀਆਂ ਚਾਹੀਦੀਆਂ ਹਨ। ਦੁਨੀਆ ਭਰ ਵਿੱਚ ਫੈਲੇ ਕਈ ਨਾਗਰਿਕ ਵਿਗਿਆਨੀਆਂ ਨੇ 12 ਸਾਲ ਤੱਕ ਅਧਿਐਨ ਕਰਨ ਤੋਂ ਬਾਅਦ ਇਹ ਰਿਪੋਰਟ ਪੇਸ਼ ਕੀਤੀ ਹੈ। ਰਾਤ ਨੂੰ ਨਕਲੀ ਰੌਸ਼ਨੀ ਨੇ ਕੁਦਰਤੀ ਰੌਸ਼ਨੀ ਨੂੰ ਦੂਸ਼ਿਤ ਕਰਨਾ ਸ਼ੁਰੂ ਕਰ ਦਿੱਤਾ ਹੈ। ਵਿਗਿਆਨੀਆਂ ਨੇ ਦੱਸਿਆ ਹੈ ਕਿ ਰਾਤ ਨੂੰ ਤਾਰਿਆਂ ਨੂੰ ਦੇਖਣਾ ਹਰ ਸਾਲ ਮੁਸ਼ਕਲ ਹੁੰਦਾ ਜਾ ਰਿਹਾ ਹੈ। ਨਕਲੀ ਰੋਸ਼ਨੀ ਕਿੱਥੇਹੋਰ ਕੀ ਹੈ, ਉੱਥੋਂ ਤਾਰਿਆਂ ਨੂੰ ਦੇਖਣਾ ਜਾਂ ਲੱਭਣਾ ਬਹੁਤ ਮੁਸ਼ਕਲ ਹੋ ਗਿਆ ਹੈ। ਵਿਗਿਆਨੀਆਂ ਦੇ ਅੰਦਾਜ਼ੇ ਮੁਤਾਬਕ ਹਰ ਸਾਲ ਕੋਈ ਨਾ ਕੋਈ ਤਾਰੇ ਪ੍ਰਕਾਸ਼ ਪ੍ਰਦੂਸ਼ਣ 'ਚ ਛੁਪ ਰਹੇ ਹਨ। ਅਜਿਹੇ 'ਚ ਅਧਿਐਨ ਦੇ ਨਤੀਜੇ ਸੈਟੇਲਾਈਟ ਦੀ ਵਧਦੀ ਲੋੜ ਵੱਲ ਵੀ ਇਸ਼ਾਰਾ ਕਰਦੇ ਹਨ। ਹੁਣ ਤਾਰਿਆਂ ਨੂੰ ਵੇਖਣ ਜਾਂ ਗ੍ਰਹਿਆਂ ਅਤੇ ਉਪਗ੍ਰਹਿਾਂ ਦੀ ਜਾਂਚ ਵਿੱਚ ਉਪਗ੍ਰਹਿ ਹੀ ਇੱਕ ਸਹਾਰਾ ਹਨ। ਜੇਕਰ ਧਰਤੀ ਤੋਂ ਤਾਰਿਆਂ ਨੂੰ ਦੇਖ ਕੇ ਅਧਿਐਨ ਕੀਤਾ ਜਾਵੇ ਤਾਂ ਅਸਲ ਸਥਿਤੀ ਸਪੱਸ਼ਟ ਨਹੀਂ ਹੋਵੇਗੀ। ਇਸ ਗੱਲ ਦਾ ਵੀ ਖਤਰਾ ਹੈ ਕਿ ਜੇਕਰ ਧਰਤੀ ਤੋਂ ਤਾਰੇ ਸਪੱਸ਼ਟ ਤੌਰ 'ਤੇ ਦਿਖਾਈ ਨਾ ਦੇਣ ਤਾਂ ਸੱਭਿਆਚਾਰਕ ਅਤੇ ਸਿਹਤ ਸੰਬੰਧੀ ਬਦਲਾਅ ਵੀ ਆ ਸਕਦੇ ਹਨ।ਹੋਵੇਗਾ। ਸਿਤਾਰਿਆਂ ਨਾਲ ਸਬੰਧਤ ਕਹਾਣੀਆਂ ਜਾਂ ਗੀਤ ਆਮ ਨਹੀਂ ਹੋਣਗੇ। ਇਹ



ਸਮਝਣਾ ਮੁਸ਼ਕਲ ਹੋਵੇਗਾ ਕਿ ਆਉਣ ਵਾਲੀ ਪੀੜ੍ਹੀ, ਜੋ ਤਾਰਿਆਂ ਭਰੇ ਅਸਮਾਨ ਨੂੰ ਦੇਖਣ ਤੋਂ ਵਾਂਝੀ ਰਹਿ ਜਾਵੇਗੀ। ਖੇਬਅ ਏਟ ਅਲ ਵਿੱਚ ਪ੍ਰਕਾਸ਼ਿਤ ਗਲੋਬ ਐਟ ਨਾਈਟ ਪ੍ਰੋਜੈਕਟ ਦੇ ਅਧਿਐਨ ਬਹੁਤ ਮਹੱਤਵਪੂਰਨ ਹਨ। ਘੱਟ ਰੋਸ਼ਨੀ ਅਤੇ ਫਿੱਕੇ ਤਾਰੇ ਵੀ ਇਨਸਾਨ ਨੂੰ ਦਿਸਣ ਚਾਹੀਦੇ ਹਨ, ਪਰ ਹੁਣ ਇਹ ਮੁਸ਼ਕਲ ਹੁੰਦਾ ਜਾ ਰਿਹਾ ਹੈ। ਵਿਗਿਆਨੀਆਂ ਨੇ ਅਧਿਐਨ ਕੀਤਾ ਹੈ ਕਿ ਕਿਵੇਂ ਸਮੇਂ ਦੇ ਨਾਲ ਅਸਮਾਨ ਦੀ ਚਮਕ ਵਧਦੀ ਜਾ ਰਹੀ ਹੈ। ਪਿਛਲੇ ਬਾਰਾਂ ਸਾਲਾਂ (2011 ਤੋਂ 2022 ਤੱਕ) ਦੇ ਅੰਕੜਿਆਂ ਦਾ ਵਿਸ਼ਲੇਸ਼ਣ ਦਰਸਾਉਂਦਾ ਹੈ ਕਿ ਨਕਲੀ ਰੌਸ਼ਨੀ ਨਾਲ ਪ੍ਰਭਾਵਿਤ ਅਸਮਾਨ ਦਾ ਖੇਤਰਦੁਨੀਆ ਭਰ ਵਿੱਚ ਹਰ ਸਾਲ 10 ਪ੍ਰਤੀਸ਼ਤ ਦੀ ਚਿੰਤਾਜਨਕ ਔਸਤ ਨਾਲ ਚਮਕ ਵਧ ਰਹੀ ਹੈ, ਯਾਨੀ ਅੱਠ ਸਾਲਾਂ ਤੋਂ ਵੀ ਘੱਟ ਸਮੇਂ ਵਿੱਚ ਦੁੱਗਣੀ ਹੋ ਰਹੀ ਹੈ। ਇਹ ਸੁਧਾਰ ਰੱਖਿਆ ਮੌਸਮ ਵਿਗਿਆਨ ਸੈਟੇਲਾਈਟ ਪ੍ਰੋਗਰਾਮ ਅਤੇ ਸੁਓਮੀ ਨੈਸ਼ਨਲ ਪੋਲਰ-ਆਰਬਿਟਿੰਗ ਸੈਟੇਲਾਈਟ ਪ੍ਰੋਗਰਾਮ 'ਤੇ ਅਧਾਰਤ ਹੈ। ਪਾਰਟਨਰਸ਼ਿਪ ਸੈਟੇਲਾਈਟਾਂ ਦੁਆਰਾ ਲਏ ਗਏ ਰੇਡੀਏਸ਼ਨ ਮਾਪਾਂ ਦੇ ਆਧਾਰ 'ਤੇ ਨਕਲੀ ਪ੍ਰਕਾਸ਼ ਨਿਕਾਸ (ਸਲਾਨਾ ਦੋ ਪ੍ਰਤੀਸ਼ਤ) ਅਨੁਮਾਨ ਤੋਂ ਬਹੁਤ ਜ਼ਿਆਦਾ ਹੈ। ਕਈ ਉਪਗ੍ਰਹਿ ਵੀ ਸਹੀ ਰੋਸ਼ਨੀ ਨੂੰ ਫੜਨ ਅਤੇ ਸਮਝਣ ਵਿੱਚ ਅਸਮਰੱਥ ਹੁੰਦੇ ਜਾ ਰਹੇ ਹਨ। ਇਸ ਲਈ ਭਵਿੱਖ ਵਿੱਚ ਅਜਿਹੇ ਸੈਟੇਲਾਈਟਾਂ ਦੀ ਲੋੜ ਹੈ, ਜੋ ਰੌਸ਼ਨੀ ਦੇ ਪ੍ਰਦੂਸ਼ਣ ਕਾਰਨ ਕਿਸੇ ਕਿਸਮ ਦੀ ਸਮੱਸਿਆ ਦਾ ਸਾਹਮਣਾ ਨਾ ਕਰਨ। ਤਰੀਕੇ ਨਾਲ ਧਿਆਨ ਵਿੱਚ ਰੱਖੋਗੱਲ ਇਹ ਹੈ ਕਿ ਜੋ ਅੰਕੜੇ ਪ੍ਰਕਾਸ਼ਿਤ ਕੀਤੇ ਗਏ ਹਨ, ਉਨ੍ਹਾਂ ਵਿਚੋਂ ਜ਼ਿਆਦਾਤਰ ਯੂਰਪ ਅਤੇ ਉੱਤਰੀ ਅਮਰੀਕਾ ਤੋਂ ਲਏ ਗਏ ਹਨ। ਵਿਆਪਕ ਡਾਟਾ ਅਤੇ ਅਧਿਐਨ ਦੀ ਲੋੜ ਹੈ। ਅਫਰੀਕਾ, ਏਸ਼ੀਆ ਅਤੇ ਆਸਟ੍ਰੇਲੀਆ ਤੋਂ ਵੀ ਅੰਕੜੇ ਸਾਹਮਣੇ ਆਉਣੇ ਚਾਹੀਦੇ ਹਨ। ਲੋਕਾਂ ਨੂੰ ਸਮਝਦਾਰ ਬਣਨਾ ਪਵੇਗਾ। ਇਸ ਸਮੇਂ ਬਹੁਤੇ ਸ਼ਹਿਰਾਂ ਵਿੱਚ ਲੋਕ ਜ਼ਿਆਦਾ ਰੌਸ਼ਨੀ ਦੇਖ ਕੇ ਬਹੁਤ ਖੁਸ਼ ਹਨ, ਜਦੋਂ ਕਿ ਅਜਿਹੀ ਰੌਸ਼ਨੀ ਪ੍ਰਕਾਸ਼ ਪ੍ਰਦੂਸ਼ਣ ਹੈ। ਪੱਤੇ, ਫੁੱਲ, ਫਲ ਅਤੇ ਹੋਰ ਚੀਜ਼ਾਂ ਵਧੇਰੇ ਰੋਸ਼ਨੀ ਵਿੱਚ ਵੱਖਰੇ ਰੰਗ ਵਿੱਚ ਦਿਖਾਈ ਦਿੰਦੀਆਂ ਹਨ। ਰਾਤ ਨੂੰ ਨਕਲੀ ਰੋਸ਼ਨੀ ਦੇ ਖ਼ਤਰਿਆਂ ਬਾਰੇ ਬਹੁਤ ਜ਼ਿਆਦਾ ਜਾਗਰੂਕਤਾ ਹੋਣੀ ਚਾਹੀਦੀ ਹੈ ਅਤੇ ਰੌਸ਼ਨੀ ਦੀ ਵਰਤੋਂ ਲੋੜ ਅਨੁਸਾਰ ਹੀ ਕਰਨੀ ਚਾਹੀਦੀ ਹੈ।ਵਿਵਸਥਾ ਹੋਣੀ ਚਾਹੀਦੀ ਹੈ। ਜ਼ਿਆਦਾਤਰ ਲੋਕ ਨਕਲੀ ਰੋਸ਼ਨੀ ਨੂੰ ਸੜਕ ਸੁਰੱਖਿਆ ਅਤੇ ਨਿੱਜੀ ਸੁਰੱਖਿਆ ਨਾਲ ਵੀ ਜੋੜਦੇ ਹਨ, ਜਦੋਂ ਕਿ ਅਸਲ ਹੱਲ ਕੁਝ ਹੋਰ ਹੈ। ਦੁਨੀਆ ਦੇ ਖਗੋਲ ਵਿਗਿਆਨੀਆਂ ਨੂੰ ਪ੍ਰਦੂਸ਼ਣ ਦਾ ਅਹਿਸਾਸ ਕਰਨ ਲਈ ਜਲਦੀ ਸੀ ਕਿ ਰਾਤ ਦੀ ਰੋਸ਼ਨੀ ਉਨ੍ਹਾਂ ਦੀ ਖੋਜ ਨੂੰ ਪ੍ਰਭਾਵਤ ਕਰ ਸਕਦੀ ਹੈ ਅਤੇ ਉਨ੍ਹਾਂ ਦੀਆਂ ਨਿਰੀਖਕਾਂ ਨੂੰ ਚਮਕਦਾਰ ਸ਼ਹਿਰਾਂ ਤੋਂ ਦੂਰ ਲੈ ਗਿਆ। ਅਸੀਂ ਜਿੱਥੇ ਵੀ ਹਾਂ, ਸਾਨੂੰ ਇਹ ਸਮਝਣਾ ਹੋਵੇਗਾ ਕਿ ਤਾਰਿਆਂ ਤੋਂ ਬਿਨਾਂ ਰਾਤ ਦਾ ਕੋਈ ਅਰਥ ਨਹੀਂ ਹੈ।

*-ਵਿਜੈ ਗਰਗ*
*ਰਿਟਾਇਰਡ ਪ੍ਰਿੰਸੀਪਲ ਐਜੂਕੇਸ਼ਨਲ ਕਾਲਮਨਵੀਸ ਮਲੋਟ ਪੰਜਾਬ*




# ਜੰਗਲਾਤ ਵਿਭਾਗ ਦੇ ਮੁਲਾਜ਼ਮਾਂ ਦੀ ਸੁਰੱਖਿਆ ਨਾਲ ਕੋਈ ਸਮਝੌਤਾ ਨਹੀਂ : ਲਾਲ ਚੰਦ ਕਟਾਰੂਚੱਕ

## ਮੰਤਰੀ ਵੱਲੋਂ ਪੰਜਾਬ ਨਾਨ-ਗਜ਼ਟਿਡ ਫਾਰੈਸਟ ਆਫ਼ਿਸਰਜ਼ ਯੂਨੀਅਨ ਦੇ ਪ੍ਰਤੀਨਿਧੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ



ਚੰਡੀਗੜ੍ਹ, 25 ਜਨਵਰੀ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਮੁਲਾਜ਼ਮ ਵਰਗ ਦੇ ਹਿੱਤਾਂ ਦੀ ਰਾਖੀ ਲਈ ਪੂਰਨ ਤੌਰ 'ਤੇ ਵਚਨਬੱਧ ਹੈ। ਇਸੇ ਸਿਲਸਿਲੇ ਤਹਿਤ ਸਰਕਾਰ ਵੱਲੋਂ ਵਣ ਵਿਭਾਗ ਵਿੱਚ ਕੰਮ ਕਰਦੇ ਕਰਮਚਾਰੀਆਂ ਦੀ ਸੁਰੱਖਿਆ ਨਾਲ ਕੋਈ ਵੀ ਸਮਝੌਤਾ ਨਹੀਂ ਕੀਤਾ ਜਾਵੇਗਾ।

ਇਹ ਵਿਚਾਰ ਪੰਜਾਬ ਦੇ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਅੱਜ ਸੈਕਟਰ-68 ਦੇ ਵਣ ਕੰਪਲੈਕਸ ਪੰਜਾਬ ਨਾਨ-ਗਜ਼ਟਿਡ ਫਾਰੈਸਟ ਆਫ਼ਿਸਰਜ਼ ਯੂਨੀਅਨ ਦੇ ਪ੍ਰਤੀਨਿਧੀਆਂ ਨਾਲ ਇੱਕ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਪ੍ਰਗਟ ਕੀਤੇ ਗਏ।

ਇਸ ਮੀਟਿੰਗ ਦੌਰਾਨ ਮੁਲਾਜ਼ਮਾਂ ਖਾਸ ਕਰਕੇ ਫਾਰੈਸਟ ਗਾਰਡਜ਼ ਦੀ ਸੁਰੱਖਿਆ ਦੇ ਮੁੱਦੇ ਨੂੰ ਪੂਰਨ ਗੰਭੀਰਤਾ ਨਾਲ ਲੈਂਦੇ ਹੋਏ ਮੰਤਰੀ ਨੇ ਇਸ ਗੱਲ 'ਤੇ ਜੋਰ ਦਿੱਤਾ ਕਿ ਰੇਂਜ ਪੱਧਰ 'ਤੇ ਰਾਤ ਦੇ ਸਮੇਂ ਟੁਕੜੀਆਂ ਵਿੱਚ ਗਸ਼ਤ ਕਰਨ ਨੂੰ ਤਰਜ਼ੀਹ ਦਿੱਤੀ ਜਾਵੇ। ਉਹਨਾਂ ਇਹ ਵੀ ਕਿਹਾ ਕਿ ਜੋ ਕੋਈ ਵੀ ਗੈਰ-ਸਮਾਜੀ ਅਨਸਰ ਜੰਗਲਾਤ ਦੀ ਜਾਇਦਾਦ ਨੂੰ ਨੁਕਸਾਨ ਪਹੁੰਚਾਉਂਦਾ ਹੈ, ਉਸ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇ।

ਵਿਭਾਗ ਦੇ ਫੀਲਡ ਮੁਲਾਜ਼ਮਾਂ ਨੂੰ ਵਰਦੀਆਂ ਪਾ ਕੇ ਡਿਊਟੀ ਕਰਨ 'ਤੇ ਜ਼ੋਰ ਦਿੰਦਿਆਂ ਕਟਾਰੂਚੱਕ ਨੇ ਕਿਹਾ ਕਿ ਇਸ ਨਾਲ ਉਹਨਾਂ ਨੂੰ ਵੱਖਰੀ ਪਛਾਣ ਤਾਂ ਮਿਲੇਗੀ ਹੀ ਸਗੋਂ ਸੁਰੱਖਿਆ ਪੱਖੋਂ ਵੀ ਇਹ ਕਦਮ ਲਾਭਦਾਇਕ ਸਿੱਧ ਹੋਵੇਗਾ। ਇਸ ਮੌਕੇ ਉਹਨਾਂ ਸ਼ਰਾਰਤੀ ਤੱਤਾਂ ਦੇ ਹਮਲਿਆਂ ਦੇ ਸ਼ਿਕਾਰ ਹੋਏ ਮੁਲਾਜ਼ਮਾਂ ਦੀ ਹੌਂਸਲਾ ਅਫਜਾਈ ਲਈ ਐਵਾਰਡ ਸ਼ੁਰੂ ਕਰਨ ਅਤੇ ਤਮਗਾ ਪ੍ਰਦਾਨ ਕਰਨ ਦੀ ਤਜਵੀਜ 'ਤੇ ਵੀ ਵਿਭਾਗੀ ਅਧਿਕਾਰੀਆਂ ਨੂੰ ਵਿਚਾਰ ਕਰਨ ਲਈ ਕਿਹਾ।

ਇਸ ਮੌਕੇ ਕਟਾਰੂਚੱਕ ਨੇ ਮੁਲਾਜ਼ਮਾਂ ਵੱਲੋਂ ਕੀਤੀਆਂ ਗਈਆਂ ਮੰਗਾਂ ਜਿਵੇਂ ਕਿ ਵਣ ਗਾਰਡ ਦੀ ਅਸਾਮੀ ਦਾ ਨਾਂ ਬਦਲ ਕੇ ਫਾਰੈਸਟ ਬੀਟ ਅਫ਼ਸਰ ਜਾਂ ਬੀਟ ਇੰਚਾਰਜ ਰੱਖੇ ਜਾਣ, ਵੱਖਰੀ ਤਬਾਦਲਾ ਨੀਤੀ ਅਮਲ ਵਿੱਚ ਲਿਆਉਣ, ਕਨਵੇਐਂਸ ਭੱਤਾ ਦੇਣ, ਮੁਲਾਜਮਾਂ ਦੀਆਂ ਤਰੱਕੀਆਂ ਦੀ ਰਫ਼ਤਾਰ ਵਿੱਚ ਤੇਜ਼ੀ ਲਿਆਉਣ ਅਤੇ ਫਾਰੈਸਟ ਰੇਂਜਰਾਂ ਦੀਆਂ 74 ਅਸਾਮੀਆਂ ਨੂੰ ਛੇਤੀ ਭਰਨ ਆਦਿ ਸਬੰਧੀ ਪੂਰੀ ਹਮਦਰਦੀ ਨਾਲ ਗੌਰ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਪ੍ਰਮੁੱਖ ਮੁੱਖ ਵਣਪਾਲ ਆਰ.ਕੇ. ਮਿਸ਼ਰਾ ਅਤੇ ਵਧੀਕ ਪ੍ਰਮੁੱਖ ਮੁੱਖ ਵਣਪਾਲ (ਪ੍ਰਸ਼ਾਸਨ) ਧਰਮਿੰਦਰ ਸ਼ਰਮਾ ਵੀ ਮੌਜੂਦ ਸਨ।

# ਖੱਟਰ ਦੱਸਣ ਕਿ ਜੋ ਭਾਜਪਾ ਦੇ ਕਹੇ ਅਨੁਸਾਰ ਚੱਲੇ ਸਿਰਫ ਉਨ੍ਹਾਂ ਨੂੰ ਬਣਦੇ 'ਹੱਕ' ਦਿੱਤੇ ਜਾਣਗੇ : ਅਕਾਲੀ ਦਲ

## ਜ਼ਬਰ ਜਨਾਹ ਦੇ ਦੋਸ਼ੀ ਰਾਮ ਰਹੀਮ ਨੂੰ ਭਾਜਪਾ ਦੀਆਂ ਸਿਆਸੀ ਲੋੜਾਂ ਕਾਰਨ ਵਿਸ਼ੇਸ਼ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ : ਰੋਮਾਣਾ

ਚੰਡੀਗੜ੍ਹ, 25 ਜਨਵਰੀ (ਪੋਸਟ ਬਿਊਰੋ): ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਪਰਮਬੰਸ ਸਿੰਘ ਰੋਮਾਣਾ ਨੇ ਅੱਜ ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਨੂੰ ਪੁੱਛਿਆ ਕਿ ਉਹ ਦੱਸਣ ਕਿ ਕੀ ਸਿਰਫ ਉਹ ਲੋਕ ਜੋ ਭਾਜਪਾ ਦੇ ਕਹੇ ਮੁਤਾਬਕ ਚੱਲ ਰਹੇ ਹਨ ਉਹਨਾਂ ਨੂੰ ਹੀ ਬਣਦੇ 'ਹੱਕ' ਲੈਣ ਦਾ ਮਾਣ ਹਾਸਲ ਹੈ ਜਾਂ ਫਿਰ ਇਹ ਹੱਕ ਸਭ ਨੂੰ ਮਿਲ ਸਕਦੇ ਹਨ ਤੇ ਖਾਸ ਤੌਰ 'ਤੇ ਬੰਦੀ ਸਿੰਘਾਂ ਨੂੰ ਵੀ ਇਹ ਹੱਕ ਲੈਣ ਦਾ ਅਧਿਕਾਰ ਹਾਸਲ ਹੈ।

ਇਥੇ ਇਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪਰਮਬੰਸ ਸਿੰਘ ਰੋਮਾਣਾ ਨੇ ਕਿਹਾ ਕਿ ਮਨੋਹਰ ਲਾਲ ਖੱਟਰ ਨੇ ਦਾਅਵਾ ਕੀਤਾ ਹੈ ਕਿ ਗੁਰਮੀਤ ਰਾਮ ਰਹੀਮ ਨੂੰ ਪੈਰੋਲ ਲੈਣ ਦਾ ਹੱਕ ਹਾਸਲ ਹੈ। ਉਨ੍ਹਾਂ ਕਿਹਾ ਕਿ ਮੈਂ ਪੁੱਛਣਾ ਚਾਹੁੰਦਾਹਾਂ ਕਿ ਕੀ ਇਹ ਹੱਕ ਉਹਨਾਂ ਬੰਦੀ ਸਿੰਘਾਂ ਨੂੰ ਵੀ ਹਾਸਲ ਹੈ ਜੋ 28 ਸਾਲਾਂ ਤੋਂ ਬਗੈਰ ਪੈਰੋਲ ਦੇ ਜੇਲ੍ਹਾਂ ਵਿਚ ਬੰਦ ਹਨ। ਉਹਨਾਂ ਨੇ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਉਦਾਹਰਣ ਦਿੰਦਿਆਂ ਕਿਹਾ ਕਿ ਉਹਨਾਂ ਨੂੰ 28 ਸਾਲਾਂ ਵਿਚ ਉਹਨਾਂ ਦੇ ਪਿਤਾ ਦੀਆਂ ਆਖਰੀ ਰਸਮਾਂ ਵਿਚ ਸ਼ਾਮਲ ਹੋਣ ਵਾਸਤੇ ਸਿਰਫ ਚੰਦ ਕੁ ਘੰਟੇ ਦੀ ਪੈਰੋਲ ਦਿੱਤੀ ਗਈ।

ਰੋਮਾਣਾ ਨੇ ਜ਼ੋਰ ਦੇ ਕੇ ਕਿਹਾ ਕਿ ਅਜਿਹਾ ਜਾਪਦਾ ਹੈ ਕਿ ਵਿਸ਼ੇਸ਼ ਸਹੂਲਤਾਂ ਸਿਰਫ ਰਾਮ ਰਹੀਮ ਵਾਸਤੇ ਹੀ ਰਾਖਵੀਆਂ ਹਨ। ਉਹਨਾਂ ਨੇ ਹਰਿਆਣਾ ਦੀ ਭਾਜਪਾ ਸਰਕਾਰ ਵੱਲੋਂ ਜ਼ਬਰ ਜਨਾਹ ਦੇ ਦੋਸ਼ੀ ਨੂੰ ਪੈਰੋਲ ਦੇਣ ਦੀ ਸਿਆਸੀ ਲੋੜ ਨੂੰ ਬੇਨਕਾਬ ਕਰਦਿਆਂ ਦੱਸਿਆ ਕਿ ਕਿਵੇਂ 2019 ਵਿਚ ਰਾਮ ਰਹੀਮ ਦੀ ਅਰਜ਼ੀ ਰੱਦ ਕਰ ਦਿੱਤੀ ਗਈ ਸੀ ਤੇ 2020 ਅਤੇ 2021 ਵਿਚ ਉਸਨੂੰ ਸਿਰਫ ਇਕ ਇਕ ਦਿਨ ਦੀ ਪੈਰੋਲ ਦਿੱਤੀ ਗਈ।

ਅਕਾਲੀ ਆਗੂ ਨੇ ਕਿਹਾ ਕਿ ਇਹ ਸਭ ਕੁਝ 2022 ਵਿਚ ਪੰਜਾਬ ਚੋਣਾਂ ਦੇ ਨੇੜੇ ਉਦੋਂ ਬਦਲ ਗਿਆ ਜਦੋਂ ਰਾਮ ਰਹੀਮ ਜੇਲ੍ਹ ਨਾਲੋਂ ਬਾਹਰ ਪੈਰੋਲ 'ਤੇ ਜ਼ਿਆਦਾਸਮਾਂ ਬਿਤਾਉਣ ਲੱਗ ਪਿਆ। ਰੋਮਾਣਾ ਨੇ ਦੱਸਿਆ ਕਿ ਫਰਵਰੀ 2022 ਵਿਚ ਰਾਮ ਰਹੀਮ ਨੂੰ ਪੰਜਾਬ ਵਿਧਾਨ ਸਭਾਚੋਣਾਂ ਤੋਂ ਪਹਿਲਾਂ 21 ਦਿਨ ਦੀ ਪੈਰੋਲ ਮਿਲੀ।

ਉਹਨਾਂ ਕਿਹਾ ਕਿ ਜਦੋਂ ਜੂਨ 2022 ਵਿਚ ਸੰਗਰੂਰ ਜ਼ਮਿਨੀ ਚੋਣ ਹੋਣੀ ਸੀਤਾਂ ਉਦੋਂ ਰਾਮ ਰਹੀਮ ਨੂੰ 30 ਦਿਨ ਦੀ ਪੈਰੋਲ ਦਿੱਤੀ ਗਈ। ਉਹਨਾਂ ਕਿਹਾ ਕਿ ਇਸੇ ਤਰੀਕੇ ਆਦਮਪੁਰ ਜ਼ਮਿਨੀ ਚੋਣ ਅਤੇ ਹਿਮਾਚਲ ਪ੍ਰਦੇਸ਼ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਜ਼ਬਰ ਜਨਾਹ ਦੇ ਦੋਸ਼ੀ ਨੂੰ 40 ਦਿਨ ਦੀ ਪੈਰੋਲ ਦਿੱਤੀ ਗਈ। ਉਹਨਾਂ ਕਿਹਾ ਕਿ ਹੁਣ ਜਦੋਂ ਜਲੰਧਰ ਜ਼ਮਿਨੀ ਚੋਣ ਹੋਣ ਜਾ ਰਹੀ ਹੈ ਤਾਂ ਫਿਰ ਰਾਮ ਰਹੀਮ ਨੂੰ 40 ਦਿਨ ਦੀਪੈਰੋਲ ਦੇ ਦਿੱਤੀ ਗਈ।

ਰੋਮਾਣਾ ਨੇ ਦੱਸਿਆ ਕਿ ਇਹ ਜੋ ਕੁਝ ਹੋ ਰਿਹਾ ਹੈ, ਉਹ ਕਿਸੇ ਅੰਨੇ ਨੂੰ ਵੀ ਦਿੱਸਦਾ ਹੈ। ਉਹਨਾਂ ਭਾਜਪਾ ਨੂੰ ਸਵਾਲਕੀਤਾ ਕੀਤਾ ਕਿ ਉਹ ਇਸ ਮਾਮਲੇ 'ਤੇ ਚੁੱਪ ਕਿਉਂ ਹੈ ? ਉਹਨਾਂ ਕਿਹਾ ਕਿ ਭਾਜਪਾ ਆਪਣੇ ਆਪ ਨੂੰ ਸਿੱਖ ਹਿਤੈਸ਼ੀ ਕਹਿੰਦੀ ਹੈ ਪਰ ਸੂਬਾ ਪ੍ਰਧਾਨ ਅਸ਼ਵਨੀ ਸ਼ਰਮਾ ਜਾਂ ਇਕਬਾਲ ਸਿੰਘ ਲਾਲਪੁਰਾ, ਮਨਜਿੰਦਰ ਸਿੰਘ ਸਿਰਸਾ ਜਾਂ ਹਰਮੀਤ ਸਿੰਘ ਕਾਲਕਾ ਸਮੇਤ ਕਿਸੇ ਵੀ ਭਾਜਪਾ ਨੇਤਾ ਨੇ ਇਸ 'ਤੇ ਪ੍ਰਤੀਕਰਮ ਨਹੀਂ ਦਿੱਤਾ ਹੈ। ਉਹਨਾਂ ਕਿਹਾ ਕਿ ਸੁਖਦੇਵ ਸਿੰਘ ਢੀਂਡਸਾ ਤੇ ਬਲਜੀਤ ਸਿੰਘ ਦਾਦੂਵਾਲ ਵਰਗੇ ਭਾਜਪਾ ਦੇ ਹਮਦਰਦ ਵੀ ਇਸ ਮਾਮਲੇ 'ਤੇ ਚੁੱਪ ਹਨ। ਉਹਨਾਂ ਨੇ ਜ਼ੋਰ ਦੇ ਕੇ ਕਿਹਾ ਕਿ ਉਹਨਾਂ ਦੀ ਇਸ ਮਾਮਲੇ 'ਤੇ ਚੁੱਪੀ ਦਰਸਾਉਂਦੀ ਹੈ ਕਿ ਇਹ ਸਾਰੇ ਆਗੂ ਜਾਂ ਤਾਂ ਡਰੇ ਹੋਏ ਹਨ ਜਾਂ ਫਿਰ ਖਰੀਦੇ ਜਾ ਚੁੱਕੇ ਹਨ। ਉਹਨਾਂ ਕਿਹਾ ਕਿ ਇਹਨਾਂ ਸਾਰਿਆਂ ਦਾਸਿੱਖ ਕੌਮ ਸਾਹਮਣੇ ਬੇਨਕਾਬ ਹੋਣਾ ਜ਼ਰੂਰੀਹੈ।

ਰੋਮਾਣਾ ਨੇ ਕਾਂਗਰਸ ਤੋਂ ਭਾਜਪਾ ਆਗੂ ਬਣੇ ਸੁਨੀਲ ਜਾਖੜ ਨੂੰ ਵੀ ਕਰੜੇ ਹੱਥੀਂ ਲੈਂਦਿਆਂ ਕਿਹਾ ਕਿ ਉਹ ਇਸ ਮਾਮਲੇ 'ਤੇ ਮਗਰਮੱਛ ਦੇਹੰਝੂ ਨਾ ਵਹਾਉਣ। ਉਹਨਾਂ ਕਿਹਾ ਕਿ ਜਾਖੜ ਦੱਸਣ ਕਿ ਕੀ ਉਹਨਾਂ ਨੇ ਰਾਮ ਰਹੀਮ ਨੂੰ ਵਾਰ ਵਾਰ ਪੈਰੋਲ ਦੇਣ 'ਤੇ ਹਰਿਆਣਾ ਦੇ ਮੁੱਖ ਮੰਤਰੀ ਕੋਲ ਆਪਣਾ ਰੋਸ ਦਰਜ ਕਰਵਾਇਆ ਹੈ ਜਾਂ ਫਿਰ ਇਸ ਮਾਮਲੇ 'ਤੇ ਪ੍ਰਧਾਨ ਮੰਤਰੀ ਨੂੰ ਸਿੱਖ ਕੌਮ ਦੀਆਂ ਭਾਵਨਾਵਾਂ ਤੋਂ ਜਾਣੂ ਕਰਵਾਇਆ ਹੈ?

NEED A LAWYER ??
KAUR LAW OFFICE
Red Seal NOTARY
MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
Skilled Worker Category
Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

ਕੈਨੇਡੀਅਨ ਪੰਜਾਬੀ ਪੋਸਟ
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## Matrimonial
### ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

### ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

You can Place Your Business Here
To Reach Wider Audience
For more info Call 905-793-2202 or e-mail ads@punjabipost.ca

### ਲੜਕੀ ਦੀ ਲੋੜ

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeep-kaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੇਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

### ਲੜਕੇ ਦੀ ਲੋੜ

Age -35 years, Height-5.4, Caste-Jatt Sikh, Mother - Retired Principal from Government School, 1 brother - Sarpanch of Village, Father - Expired, Education - Marketing, Master of Business administration, Food Media., Status in Canada - Permanent resident. Right now, living in Etobicoke, Girl is never married. Want clean shave boy and Jatt Sikh only. Phone No - (437) 332-8422

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

### ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
- ਮੁਫਤ ਪਿਕਅਪ ਅਤੇ ਡਰਾਪ ਆਫ਼
- ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
- ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
- ਵਾਜਿਬ ਕੀਮਤ
ਲੇਡੀ ਇੰਸਟਰਕਟਰ
647-998-7500 ਬਲਵਿੰਦਰ

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਬਾਲਾਕੋਟ ’ਚ ਸਰਜੀਕਲ ਸਟ੍ਰਾਈਕ ਤੋਂ ਬਾਅਦ ਪਾਕਿਸਤਾਨ ਪਰਮਾਣੂ ਹਮਲੇ ਦੀ ਤਿਆਰੀ ਕਰ ਰਿਹਾ ਸੀ : ਮਾਈਕ ਪੋਂਪੀਓ



ਵਾਸ਼ਿੰਗਟਨ, 25 ਜਨਵਰੀ (ਪੋਸਟ ਬਿਊਰੋ)- ਅਮਰੀਕਾ ਦੇ ਸਾਬਕਾ ਵਿਦੇਸ਼ ਮੰਤਰੀ ਮਾਈਕ ਪੋਂਪੀਓ ਨੇ ਦਾਅਵਾ ਕੀਤਾ ਹੈ ਕਿ ਉਸ ਸਮੇਂ ਦੀ ਭਾਰਤੀ ਵਿਦੇਸ਼ ਮੰਤਰੀ ਸੁਸ਼ਮਾ ਸਵਰਾਜ ਨੇ ਉਨ੍ਹਾਂ ਨੂੰ ਦੱਸਿਆ ਸੀ ਕਿ ਫਰਵਰੀ 2019 'ਚ ਬਾਲਾਕੋਟ ਸਰਜੀਕਲ ਸਟ੍ਰਾਈਕ ਤੋਂ ਬਾਅਦ ਪਾਕਿਸਤਾਨ ਪਰਮਾਣੂ ਹਥਿਆਰਾਂ ਦੀ ਤਿਆਰੀ ਕਰ ਰਿਹਾ ਸੀ ਅਤੇ ਪਰਮਾਣੂ ਹਮਲੇ ਦੀ ਤਿਆਰੀ ਕਰ ਰਿਹਾ ਸੀ। ਇਹ ਸੁਣ ਕੇ ਉਹ ਦੰਗ ਰਹਿ ਗਿਆ। ਪੋਂਪੀਓ ਮੁਤਾਬਕ ਸੁਸ਼ਮਾ ਸਵਰਾਜ ਨੇ ਕਿਹਾ ਸੀ ਕਿ ਇਸ ਦੇ ਮੱਦੇਨਜ਼ਰ ਭਾਰਤ ਵੀ ਹਮਲਾਵਰ ਜਵਾਬ ਦੇਣ ਦੀ ਤਿਆਰੀ ਕਰ ਰਿਹਾ ਹੈ।

ਮੰਗਲਵਾਰ ਨੂੰ ਜਾਰੀ ਕੀਤੀ ਗਈ ਆਪਣੀ ਨਵੀਂ ਕਿਤਾਬ 'ਨੇਵਰ ਗਿਵ ਐਨ ਇੰਚ: ਫਾਈਟਿੰਗ ਫਾਰ ਦ ਅਮਰੀਕਾ ਆਈ ਲਵ' 'ਚ ਪੋਂਪੀਓ ਨੇ ਕਿਹਾ ਕਿ ਇਹ ਘਟਨਾ ਉਦੋਂ ਵਾਪਰੀ ਜਦੋਂ ਉਹ 27-28 ਫਰਵਰੀ ਨੂੰ ਅਮਰੀਕਾ-ਉੱਤਰੀ ਕੋਰੀਆ ਸਿਖਰ ਵਾਰਤਾ ਲਈ ਹਨੋਈ 'ਚ ਸਨ। ਇਸ ਤੋਂ ਬਾਅਦ ਉਨ੍ਹਾਂ ਦੀ ਟੀਮ ਨੇ ਇਸ ਸੰਕਟ ਨੂੰ ਟਾਲਣ ਲਈ ਭਾਰਤ ਅਤੇ ਪਾਕਿ-ਸਤਾਨ ਨਾਲ ਰਾਤੋ-ਰਾਤ ਕੰਮ ਕੀਤਾ। ਸਾਬਕਾ ਅਮਰੀਕੀ ਵਿਦੇਸ਼ ਮੰਤਰੀ ਨੇ ਕਿਹਾ, "ਮੈਨੂੰ ਨਹੀਂ ਲੱਗਦਾ ਕਿ ਦੁਨੀਆ ਜਾਣਦੀ ਹੈ ਕਿ ਭਾਰਤ-ਪਾਕਿਸਤਾਨ ਤਣਾਅ ਫਰਵਰੀ 2019 ਵਿੱਚ ਪ੍ਰਮਾਣੂ ਹਮਲੇ ਤੱਕ ਕਿੰਨਾ ਨੇੜੇ ਆਇਆ ਸੀ।"

ਸਾਬਕਾ ਅਮਰੀਕੀ ਡਿਪਲੋਮੈਟ ਨੇ ਕਿਤਾਬ ਵਿੱਚ ਲਿਖਿਆ, "ਮੈਨੂੰ ਨਹੀਂ ਲੱਗਦਾ ਕਿ ਦੁਨੀਆ ਨੂੰ ਪਤਾ ਹੈ ਕਿ ਫਰਵਰੀ 2019 ਵਿੱਚ ਭਾਰਤ-ਪਾਕਿ-ਸਤਾਨ ਦੁਸ਼ਮਣੀ ਪ੍ਰਮਾਣੂ ਹਮਲੇ ਤੱਕ ਕਿੰਨੀ ਨੇੜੇ ਪਹੁੰਚ ਗਈ ਸੀ। ਸੱਚ ਤਾਂ ਇਹ ਹੈ ਕਿ ਮੈਨੂੰ ਇਸ ਦਾ ਸਹੀ ਜਵਾਬ ਵੀ ਨਹੀਂ ਪਤਾ।" ਮੈਂ ਜਾਣਦਾ ਹਾਂ; ਮੈਂ ਬੱਸ ਇਹ ਜਾਣਦਾ ਹਾਂ ਕਿ ਇਹ ਬਹੁਤ ਨੇੜੇ ਸੀ।"

ਹਾਲਾਂਕਿ, ਫਿਲਹਾਲ ਪੋਂਪੀਓ ਦੇ ਦਾਅਵਿਆਂ 'ਤੇ ਵਿਦੇਸ਼ ਮੰਤਰਾਲੇ ਦੁਆਰਾ ਕੋਈ ਟਿੱਪਣੀ ਨਹੀਂ ਕੀਤੀ ਗਈ ਹੈ। ਦੱਸ ਦੇਈਏ ਕਿ ਪੁਲਵਾਮਾ ਅੱਤਵਾਦੀ ਹਮਲੇ ਦੇ ਜਵਾਬ 'ਚ ਭਾਰਤੀ ਫੌਜ ਨੇ ਫਰਵਰੀ 2019 'ਚ ਪਾਕਿ-ਸਤਾਨ ਦੇ ਬਾਲਾਕੋਟ 'ਚ ਜੈਸ਼-ਏ-ਮੁਹੰਮਦ ਦੇ ਅੱਤਵਾਦੀ ਸਿਖਲਾਈ ਕੈਂਪ 'ਤੇ ਹਮਲਾ ਕਰਕੇ ਉਸ ਨੂੰ ਤਬਾਹ ਕਰ ਦਿੱਤਾ ਸੀ।

ਉਸ ਨੇ ਕਿਹਾ, "ਕਸ਼ਮੀਰ ਵਿੱਚ ਇੱਕ ਇਸਲਾਮੀ ਅੱਤਵਾਦੀ ਹਮਲੇ ਤੋਂ ਬਾਅਦ, ਪਾਕਿਸਤਾਨ ਦੀ ਢਿੱਲੀ ਅੱਤਵਾਦ ਵਿਰੋਧੀ ਨੀਤੀਆਂ ਦੇ ਨਤੀਜੇ ਵਜੋਂ ਸੰਭਵ ਤੌਰ 'ਤੇ 40 ਭਾਰਤੀ ਸੈਨਿਕਾਂ ਦੀ ਮੌਤ ਹੋ ਗਈ ਸੀ। ਭਾਰਤ ਨੇ ਪਾਕਿਸਤਾਨ ਦੇ ਅੰਦਰ ਹਵਾਈ ਹਮਲੇ ਕਰਕੇ ਇਸ ਅੱਤਵਾਦੀ ਹਮਲੇ ਦਾ ਜਵਾਬ ਦਿੱਤਾ ਅਤੇ ਲੜਾਈ ਵਿੱਚ ਇੱਕ ਜਹਾਜ਼ ਨੂੰ ਮਾਰ ਦਿੱਤਾ ਅਤੇ ਭਾਰਤੀ ਪਾਇਲਟ ਨੂੰ ਬੰਦੀ ਬਣਾ ਲਿਆ।"

ਪੋਂਪੀਓ ਨੇ ਕਿਹਾ ਕਿ ਮੈਂ ਅਮਰੀਕਾ ਅਤੇ ਉੱਤਰੀ ਕੋਰੀਆ ਵਿਚਾਲੇ ਤਣਾਅ ਘੱਟ ਕਰਨ ਲਈ 27-28 ਫਰਵਰੀ ਨੂੰ ਹਨੋਈ 'ਚ ਸੀ। ਫਿਰ ਮੈਨੂੰ ਰਾਤ ਨੂੰ ਸਾਰੀ ਗੱਲ ਦਾ ਪਤਾ ਲੱਗਾ ਅਤੇ ਮੇਰੀ ਪੂਰੀ ਟੀਮ ਨੇ ਭਾਰਤ ਅਤੇ ਪਾਕਿਸਤਾਨ ਨੂੰ ਮਨਾਉਣ ਲਈ ਪੂਰੀ ਰਾਤ ਜਾਗ ਕੇ ਕੰਮ ਕੀਤਾ। ਪੋਂਪੀਓ ਨੇ ਲਿਖਿਆ, 'ਵੀਅਤਨਾਮ ਦੇ ਹਨੋਈ ਸ਼ਹਿਰ ਦੀ ਉਸ ਰਾਤ ਨੂੰ ਮੈਂ ਕਦੇ ਨਹੀਂ ਭੁੱਲਾਂਗਾ। ਪਰਮਾਣੂ ਹਥਿਆਰਾਂ 'ਤੇ ਉੱਤਰੀ ਕੋਰੀਆ ਨਾਲ ਗੱਲਬਾਤ ਕਰਨਾ ਕਾਫ਼ੀ ਨਹੀਂ ਸੀ। ਅਜਿਹੇ ਵਿੱਚ ਕਸ਼ਮੀਰ ਨੂੰ ਲੈ ਕੇ ਦਹਾਕਿਆਂ ਪੁਰਾਣੇ ਵਿਵਾਦ ਵਿੱਚ ਭਾਰਤ ਅਤੇ ਪਾਕਿਸਤਾਨ ਨੇ ਇੱਕ ਦੂਜੇ ਨੂੰ ਧਮਕੀਆਂ ਦੇਣੀਆਂ ਸ਼ੁਰੂ ਕਰ ਦਿੱਤੀਆਂ ਹਨ। ਪੋਂਪੀਓ ਨੇ ਕਿਹਾ, 'ਮੈਨੂੰ ਸੁਸ਼ਮਾ ਸਵਰਾਜ ਨੂੰ ਫਿਲਹਾਲ ਕੁਝ ਨਾ ਕਰਨ ਅਤੇ ਪੂਰੇ ਵਿਵਾਦ ਨੂੰ ਸੁਲਝਾਉਣ ਲਈ ਅਮਰੀਕਾ ਨੂੰ ਕੁਝ ਸਮਾਂ ਦੇਣ ਲਈ ਮਨਾਉਣ ਲਈ ਬਹੁਤ ਮਿਹਨਤ ਕਰਨੀ ਪਈ।'

# ਬਲੋਚਿਸਤਾਨ ਦੇ ਕਵੇਟਾ ’ਚ ਗੈਸ ਲੀਕ ਹੋਣ ਦੀਆਂ ਘਟਨਾਵਾਂ ’ਚ 16 ਲੋਕਾਂ ਦੀ ਹੋਈ ਮੌਤ





ਕਰਾਚੀ, 25 ਜਨਵਰੀ (ਪੋਸਟ ਬਿਊਰੋ)-ਪਾਕਿਸਤਾਨ ਦੇ ਦੱਖਣੀ-ਪੱਛਮੀ ਬਲੋਚਿਸਤਾਨ ਸੂਬੇ ਦੇ ਕਵੇਟਾ ਸ਼ਹਿਰ 'ਚ ਪਿਛਲੇ ਇਕ ਹਫਤੇ 'ਚ ਗੈਸ ਲੀਕ ਹੋਣ ਦੀਆਂ ਘਟਨਾਵਾਂ 'ਚ ਬੱਚਿਆਂ ਸਮੇਤ ਘੱਟੋ-ਘੱਟ 16 ਲੋਕਾਂ ਦੀ ਮੌਤ ਹੋ ਗਈ ਹੈ। ਪੁਲਿਸ ਨੇ ਇਹ ਜਾਣਕਾਰੀ ਦਿੱਤੀ। ਪੁਲਸ ਨੇ ਦੱਸਿਆ ਕਿ ਬੁੱਧਵਾਰ ਨੂੰ ਕਵੇਟਾ ਦੇ ਕਿੱਲੀ ਬਡੇਜ਼ਈ ਇਲਾਕੇ 'ਚ ਕੱਚੀ ਕੰਧ ਨਾਲ ਬਣੇ ਘਰ 'ਚ ਗੈਸ ਲੀਕ ਹੋਣ ਕਾਰਨ ਇਕ ਪਰਿਵਾਰ ਦੇ ਚਾਰ ਬੱਚਿਆਂ ਦੀ ਮੌਤ ਹੋ ਗਈ। ਇਸ ਘਟਨਾ ਵਿੱਚ ਦੋ ਔਰਤਾਂ ਜ਼ਖਮੀ ਹੋ ਗਈਆਂ। ਪੁਲਿਸ ਨੇ ਦੱਸਿਆ ਕਿ ਬੱਚੇ ਸੌਂ ਰਹੇ ਸਨ ਜਦੋਂ ਕਮਰੇ ਵਿੱਚ ਗੈਸ ਭਰ ਗਈ ਅਤੇ ਧਮਾਕਾ ਹੋ ਗਿਆ, ਜਿਸ ਕਾਰਨ ਘਰ ਦੀਆਂ ਕੰਧਾਂ ਢਹਿ ਗਈਆਂ।

ਇੱਕ ਵੱਖਰੀ ਘਟਨਾ ਵਿੱਚ, ਕਵੇਟਾ ਦੇ ਇੱਕ ਹੋਰ ਖੇਤਰ ਵਿੱਚ ਇੱਕ ਪੁਲਿਸ ਸਬ-ਇੰਸਪੈਕਟਰ ਦੀ ਆਪਣੇ ਕਮਰੇ ਵਿੱਚ ਗੈਸ ਸਾਹ ਲੈਣ ਨਾਲ ਮੌਤ ਹੋ ਗਈ। ਇਕ ਸੀਨੀਅਰ ਪੁਲਿਸ ਅਧਿਕਾਰੀ ਨੇ ਪੁਸ਼ਟੀ ਕੀਤੀ ਕਿ ਪਿਛਲੇ ਹਫ਼ਤੇ ਤੋਂ ਰੋਜ਼ਾਨਾ ਆਧਾਰ 'ਤੇ ਕਈ ਮਾਮਲੇ ਸਾਹ-ਮਣੇ ਆ ਰਹੇ ਹਨ, ਜਿਨ੍ਹਾਂ ਵਿਚ ਘਰਾਂ ਵਿਚ ਗੈਸ ਲੀਕ ਹੋਣ ਕਾਰਨ ਦਰਜਨ ਤੋਂ ਵੱਧ ਲੋਕਾਂ ਦੀ ਮੌਤ ਹੋ ਗਈ ਅਤੇ ਦਰਜਨਾਂ ਲੋਕ ਬੇਹੋਸ਼ ਹੋ ਗਏ। ਬਲੋਚਿਸਤਾਨ ਇਸ ਸਮੇਂ ਪਿਛਲੇ ਇਕ ਮਹੀਨੇ ਤੋਂ ਕੜਾਕੇ ਦੀ ਠੰਢ ਦੀ ਲਪੇਟ ਵਿੱਚ ਹੈ।

## ਸਕਰੈਪ ਵਾਹਨ ਦੇ ਮਾਲਕ ਵੱਲੋਂ ਨਵਾਂ ਵਾਹਨ ਖ਼ਰੀਦਣ ’ਤੇ ਮੋਟਰ ਵਹੀਕਲ ਟੈਕਸ ਤੋਂ ਛੋਟ ਦੇਣ ਸਬੰਧੀ ਨੋਟੀਫ਼ਿਕੇਸ਼ਨ ਜਾਰੀ

ਚੰਡੀਗੜ੍ਹ, 25 ਜਨਵਰੀ (ਪੋਸਟ ਬਿਊਰੋ): ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਪ੍ਰਦੂਸ਼ਣ ਨੂੰ ਘਟਾਉਣ ਦੇ ਮਕਸਦ ਨਾਲ ਸਕਰੈਪ ਵਾਹਨ ਦੇ ਮਾਲਕ ਨੂੰ ਨਵਾਂ ਵਾਹਨ ਖ਼ਰੀਦਣ ’ਤੇ ਮੋਟਰ ਵਹੀਕਲ ਟੈਕਸ ਤੋਂ ਛੋਟ ਦੇਣ ਸਬੰਧੀ ਨੋਟੀਫ਼ਿਕੇਸ਼ਨ ਜਾਰੀ ਕਰ ਦਿੱਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਕੇਂਦਰੀ ਸੜਕੀ ਆਵਾਜਾਈ ਤੇ ਹਾਈਵੇਜ਼ ਮੰਤਰਾਲੇ ਵੱਲੋਂ ਨਵੇਂ ਵਾਹਨਾਂ ਦੀ ਰਜਿਸਟ੍ਰੇਸ਼ਨ ਬਾਰੇ ਲਾਗੂ ਕੀਤੀ ਸਕਰੈਪਿੰਗ ਨੀਤੀ ਦੇ ਸੰਦਰਭ ਵਿੱਚ ਪੰਜਾਬ ਕੈਬਨਿਟ ਵੱਲੋਂ ਪੰਜਾਬ ਮੋਟਰ ਵਹੀਕਲ ਟੈਕਸੇਸ਼ਨ ਐਕਟ-1924 ਦੀ ਧਾਰਾ 13 (3) ਅਧੀਨ ਨਵੀਆਂ ਗੱਡੀਆਂ ਦੀ ਖ਼ਰੀਦ ਮੌਕੇ ਛੋਟ ਦੇਣ ਦਾ ਫ਼ੈਸਲਾ ਕੀਤਾ ਗਿਆ ਸੀ। ਭੁੱਲਰ ਨੇ ਦਸਿਆ ਕਿ ਜਾਰੀ ਨੋਟੀਫ਼ਿਕੇਸ਼ਨ ਅਨੁਸਾਰ ਮੋਟਰ ਵਹੀਕਲ ਟੈਕਸ ਵਿੱਚ ਟਰਾਂਸਪੋਰਟ ਵਾਹਨ ਮਾਲਕਾਂ ਨੂੰ 15 ਫ਼ੀਸਦੀ ਅਤੇ ਨਾਨ-ਟਰਾਂਸਪੋਰਟ ਵਾਹਨ ਮਾਲਕਾਂ ਨੂੰ 25 ਫ਼ੀਸਦੀ ਤੱਕ ਛੋਟ ਮਿਲੇਗੀ।

ਉਨ੍ਹਾਂ ਕਿਹਾ ਕਿ ਵਾਤਾਵਰਣ-ਪੱਖੀ ਫ਼ੈਸਲੇ ਨਾਲ ਸਕਰੈਪਿੰਗ ਪਾਲਿਸੀ ਅਧੀਨ ਟਰਾਂਸਪੋਰਟ ਗੱਡੀਆਂ ਦੇ ਮਾਲਕ ਗੱਡੀ ਦੀ ਰਜਿਸਟ੍ਰੇਸ਼ਨ ਤੋਂ 8 ਸਾਲ ਤੱਕ ਅਤੇ ਨਾਨ-ਟਰਾਂਸਪੋਰਟ ਗੱਡੀਆਂ ਦੇ ਮਾਲਕ 15 ਸਾਲ ਤੱਕ ਸਕੀਮ ਦਾ ਲਾਭ ਉਠਾ ਸਕਦੇ ਹਨ। ਇਸ ਨੀਤੀ ਤਹਿਤ ਜਿਸ ਵੇਲੇ ਗੱਡੀ ਨੂੰ ਸਕਰੈਪ ਕੀਤਾ ਜਾਵੇਗਾ ਤਾਂ ਇਸ ਬਾਰੇ ਸਕਰੈਪਰ ਵੱਲੋਂ ਹੀ ਗੱਡੀ ਦੀ ਖ਼ਰੀਦ ਕੀਤੀ ਜਾਵੇਗੀ। ਇਸ ਉਪਰੰਤ ਸਕਰੈਪਰ ਵੱਲੋਂ ਵਾਹਨ ਦੇ ਮਾਲਕ ਨੂੰ ਸਰਟੀਫ਼ਿਕੇਟ ਆਫ਼ ਡਿਪਾਜ਼ਿਟ (ਵਾਹਨ ਜਮ੍ਹਾਂ ਕਰਵਾਉਣ ਦਾ ਸਰਟੀਫ਼ਿਕੇਟ) ਜਾਰੀ ਕੀਤਾ ਜਾਵੇਗਾ ਜਿਸ ਨੂੰ ਗੱਡੀ ਮਾਲਕ ਵੱਲੋਂ ਸਬੰਧਤ ਲਾਇਸੰਸਿੰਗ ਅਥਾਰਟੀ ਕੋਲ ਜਮ੍ਹਾਂ ਕਰਵਾਉਣ ਉਤੇ ਨਵੀਂ ਗੱਡੀ ਦੀ ਰਜਿਸਟ੍ਰੇਸ਼ਨ ਦੇ ਮੋਟਰ ਵਹੀਕਲ ਟੈਕਸ ਵਿਚ ਬਣਦੀ ਛੋਟ ਮਿਲੇਗੀ। ਉਨ੍ਹਾਂ ਦੱਸਿਆ ਕਿ ਟਰਾਂਸਪੋਰਟ ਗੱਡੀ ਨੂੰ ਰਜਿਸਟ੍ਰੇਸ਼ਨ ਤੋਂ 8 ਸਾਲ ਤੱਕ ਸਕਰੈਪ ਕਰਨਾ ਆਪਸ਼ਨਲ ਹੈ।

# ਪਹਿਲੀ ਵਾਰ ’ਟ੍ਰਾਂਸਜੈਂਡਰ’ ਪੁਲਿਸ ਵਾਲੇ ਗਣਤੰਤਰ ਦਿਵਸ ਪਰੇਡ ’ਚ ਹਿੱਸਾ ਲੈਣਗੇ



ਰਾਏਪੁਰ: ਛੱਤੀਸਗੜ੍ਹ ਪੁਲਿਸ ਦੀ ਨਵੀਂ ਬਣੀ ਵਿਸ਼ੇਸ਼ ਯੂਨਿਟ 'ਬਸਤਰ ਫਾਈਟਰਜ਼' ਵਿੱਚ ਹਾਲ ਹੀ ਵਿੱਚ ਕਾਂਸਟੇਬਲ ਵਜੋਂ ਭਰਤੀ ਹੋਏ ਟਰਾਂਸਜੈਂਡਰ ਪਹਿਲੀ ਵਾਰ ਜਗਦਲਪੁਰ ਸ਼ਹਿਰ ਵਿੱਚ ਗਣਤੰਤਰ ਦਿਵਸ ਪਰੇਡ ਵਿੱਚ ਹਿੱਸਾ ਲੈਣਗੇ। ਪੁਲਸ ਅਧਿਕਾਰੀਆਂ ਨੇ ਬੁੱਧਵਾਰ ਨੂੰ ਦੱਸਿਆ ਕਿ ਮੁੱਖ ਮੰਤਰੀ ਭੁਪੇਸ਼ ਬਘੇਲ ਜਗਦਲਪੁਰ ਦੇ ਲਾਲਬਾਗ ਮੈਦਾਨ 'ਚ ਹੋਣ ਵਾਲੇ ਸਮਾਰੋਹ 'ਚ ਤਿਰੰਗਾ ਲਹਿਰਾਉਣਗੇ। ਬਸਤਰ ਖੇਤਰ ਦੇ ਪੁਲਿਸ ਇੰਸਪੈਕਟਰ ਜਨਰਲ ਸੁੰਦਰਰਾਜ ਪੀ ਨੇ ਕਿਹਾ, “ਬਸਤਰ ਦੇ ਲੜਾਕਿਆਂ ਦੀ ਇੱਕ ਪਲਟੂਨ ਜਗਦਲਪੁਰ ਸ਼ਹਿਰ ਵਿੱਚ ਗਣਤੰਤਰ ਦਿਵਸ ਪਰੇਡ ਵਿੱਚ ਹਿੱਸਾ ਲਵੇਗੀ। ਇਸ ਯੂਨਿਟ ਵਿੱਚ ਭਰਤੀ ਕੀਤੇ ਗਏ ਅੱਠ ਟਰਾਂਸਜੈਂਡਰ ਕਾਂਸਟੇਬਲ (ਨੌਂ ਵਿੱਚੋਂ) ਵੀ ਭਾਗ ਲੈਣਗੇ।

ਸੁੰਦਰਰਾਜ ਨੇ ਕਿਹਾ, "ਇਹ ਪਹਿਲੀ ਵਾਰ ਹੈ ਜਦੋਂ ਟਰਾਂਸਜੈਂਡਰ ਪੁਲਸ ਕਰਮਚਾਰੀ ਗਣਤੰਤਰ ਦਿਵਸ ਪਰੇਡ 'ਚ ਹਿੱਸਾ ਲੈਣਗੇ।" ਪਿਛਲੇ ਸਾਲ ਅਗਸਤ 'ਚ ਸੂਬੇ 'ਚ 'ਬਸਤਰ ਫਾਈਟਰਸ' ਲਈ ਚੁਣੇ ਗਏ 2,100 ਕਾਂਸਟੇਬਲਾਂ 'ਚ 9 ਟਰਾਂਸਜੈਂਡਰ ਸ਼ਾਮਲ ਸਨ। ਸਿਖਲਾਈ ਤੋਂ ਬਾਅਦ, ਉਨ੍ਹਾਂ ਨੂੰ ਰਾਜ ਦੇ ਮਾਓਵਾਦੀ ਪ੍ਰਭਾਵਿਤ ਬਸਤਰ ਡਿਵੀਜ਼ਨ ਵਿੱਚ ਤਾਇਨਾਤ ਕੀਤਾ ਜਾਵੇਗਾ। ਅਤੇ 24 ਸਾਲਾ ਟਰਾਂਸਜੈਂਡਰ ਦਿਵਿਆ ਨਿਸ਼ਾਦ ਲਈ, ਗਣਤੰਤਰ ਦਿਵਸ ਪਰੇਡ ਵਿੱਚ ਹਿੱਸਾ ਲੈਣਾ ਇੱਕ ਸੁਪਨਾ ਸਾਕਾਰ ਹੋਇਆ ਹੈ। ਨਿਸ਼ਾਦ ਦਾ ਕਹਿਣਾ ਹੈ ਕਿ ਇਹ ਉਸ ਲਈ ਮਾਣ ਵਾਲਾ ਪਲ ਹੋਵੇਗਾ ਜਦੋਂ ਉਹ ਖਾਕੀ ਵਰਦੀ ਪਾ ਕੇ ਬਾਹਰ ਨਿਕਲੇਗੀ।

ਨਿਸ਼ਾਦ ਨੇ ਕਿਹਾ, “ਪੁਲਿਸ ਵਿੱਚ ਸਾਡੀ ਚੋਣ ਨੇ ਨਾ ਸਿਰਫ਼ ਪੂਰੇ ਭਾਈਚਾਰੇ ਦਾ ਭਰੋਸਾ ਵਧਾਇਆ ਹੈ ਜਿਸਦੀ ਅਸੀਂ ਪ੍ਰਤੀਨਿਧਤਾ ਕਰਦੇ ਹਾਂ, ਸਗੋਂ ਸਮਾਜ ਦੀ ਟਰਾਂਸਜੈਂਡਰ ਪ੍ਰਤੀ ਧਾਰਨਾ ਨੂੰ ਵੀ ਬਦਲਿਆ ਹੈ। ਗਣਤੰਤਰ ਦਿਵਸ ਦੀ ਪਰੇਡ ਵਿੱਚ ਹਿੱਸਾ ਲੈਣਾ ਸਾਡੇ ਸਾਰਿਆਂ ਲਈ ਮਾਣ ਵਾਲਾ ਪਲ ਹੋਵ-ੇਗਾ।ਰਾਜਧਾਨੀ ਰਾਏਪੁਰ ਤੋਂ ਲਗਭਗ 300 ਕਿਲੋਮੀਟਰ ਦੂਰ ਬਸਤਰ ਜ਼ਿਲ੍ਹੇ ਦਾ ਹੈੱਡਕੁਆਰਟਰ ਜਗਦਲਪੁਰ ਸਥਿਤ ਹੈ। ਇਸ ਦੌਰਾਨ, ਛੱਤੀਸਗੜ੍ਹ ਦੇ ਸਾਰੇ ਸੰਵੇਦਨਸ਼ੀਲ ਸਥਾਨਾਂ, ਖਾਸ ਕਰਕੇ ਮਾਓਵਾਦੀ ਪ੍ਰਭਾਵਿਤ ਖੇਤਰਾਂ ਵਿੱਚ, ਗਣਤੰਤਰ ਦਿਵਸ ਦੇ ਜਸ਼ਨਾਂ ਲਈ ਸੁਰੱਖਿਆ ਵਧਾ ਦਿੱਤੀ ਗਈ ਹੈ। ਰਾਜਪਾਲ ਅਨੁਸੂਈਆ ਉਈਕੇ ਸਵੇਰੇ ਰਾਜਧਾਨੀ ਰਾਏਪੁਰ ਦੇ ਪੁਲਿਸ ਪਰੇਡ ਗਰਾਊਂਡ ਵਿੱਚ ਰਾਸ਼ਟਰੀ ਝੰਡਾ ਲਹਿਰਾਉਣਗੇ।

## ਅਮਰੀਕਾ ’ਚ ਲੁਟੇਰਿਆਂ ਵੱਲੋਂ ਭਾਰਤੀ ਨੌਜਵਾਨ ਦੀ ਗੋਲੀ ਮਾਰ ਕੇ ਹੱਤਿਆ, ਦੋਸਤ ਗੰਭੀਰ



ਨਿਊਯਾਰਕ, 25 ਜਨਵਰੀ (ਪੋਸਟ ਬਿਊਰੋ): ਅਮਰੀਕਾ ਦੇ ਸ਼ਿਕਾਗੋ ਵਿੱਚ ਹਥਿਆਰਬੰਦ ਲੁਟੇਰਿਆਂ ਦੀ ਗੋਲੀ ਲੱਗਣ ਨਾਲ 23 ਸਾਲਾ ਭਾਰਤੀ ਨੌਜਵਾਨ ਦੀ ਮੌਤ ਹੋ ਗਈ। ਮੀਡੀਆ 'ਚ ਆਈ ਇਕ ਖਬਰ 'ਚ ਮੰਗਲਵਾਰ ਨੂੰ ਇਹ ਜਾਣਕਾਰੀ ਦਿੱਤੀ ਗਈ। ਸ਼ਿਕਾਗੋ ਪੁਲਿਸ ਨੇ ਮੰਗਲਵਾਰ ਸਵੇਰੇ ਦੱਸਿਆ ਕਿ ਦੇਵਸ਼ੀਸ਼ ਨੰਦੇਪੂ ਨੂੰ ਐਤਵਾਰ ਰਾਤ ਦੱਖਣੀ ਪਾਸੇ ਪ੍ਰਿੰਸਟਨ ਪਾਰਕ ਵਿੱਚ ਲੁਟੇਰਿਆਂ ਨੇ ਗੋਲੀ ਮਾਰ ਦਿੱਤੀ।

ਇੱਕ ਖ਼ਬਰ ਵਿੱਚ ਕਿਹਾ ਗਿਆ ਹੈ ਕਿ ਗੰਭੀਰ ਸੱਟਾਂ ਕਾਰਨ ਨੰਦੇਪੂ ਦੀ ਮੌਤ ਹੋ ਗਈ। ਖਬਰਾਂ ਮੁਤਾਬਕ ਓਕ ਲਾਅਨ ਸਥਿਤ ਕ੍ਰਾਈਸਟ ਮੈਡੀਕ ਸੈਂਟਰ 'ਚ ਸੋਮਵਾਰ ਸਵੇਰੇ 4 ਵਜੇ ਨੰਦੇਪੂ ਦੀ ਮੌਤ ਹੋ ਗਈ। ਉਸ ਦੀ ਬਾਂਹ ਅਤੇ ਮੋਢੇ ਦੇ ਜੋੜ ਵਿੱਚ ਗੋਲੀ ਲੱਗੀ ਸੀ। ਨੰਦੇਪੂ ਅਤੇ ਉਸ ਦਾ 22 ਸਾਲਾ ਦੋਸਤ ਐਤਵਾਰ ਸ਼ਾਮ 6:55 ਵਜੇ ਦੇ ਕਰੀਬ ਇੱਕ ਪਾਰਕਿੰਗ ਲਾਟ ਕੋਲ ਸਨ ਜਦੋਂ ਅਚਾਨਕ ਦੋ ਲੁਟੇਰੇ ਕਾਲੇ ਰੰਗ ਦੀ ਕਾਰ ਵਿੱਚੋਂ ਉਤਰੇ ਅਤੇ ਉਨ੍ਹਾਂ ਕੋਲ ਆ ਗਏ।

ਲੁਟੇਰਿਆਂ ਨੇ ਦੋਵਾਂ ਨੂੰ ਬੰਦੂਕ ਦਿਖਾ ਕੇ ਉਨ੍ਹਾਂ ਤੋਂ ਕੀਮਤੀ ਸਾਮਾਨ ਦੀ ਮੰਗ ਕੀਤੀ। ਅਧਿਕਾਰੀਆਂ ਨੇ ਕਿਹਾ ਕਿ ਦੋਵਾਂ ਨੇ ਹੁਕਮ ਦੀ ਪਾਲਣਾ ਕੀਤੀ, ਫਿਰ ਵੀ ਉਨ੍ਹਾਂ ਨੂੰ ਗੋਲੀ ਮਾਰ ਦਿੱਤੀ ਗਈ। ਨੰਦੇਪੂ ਦੇ ਦੋਸਤ ਦੀ ਛਾਤੀ ਵਿੱਚ ਗੋਲੀ ਲੱਗੀ ਹੈ ਅਤੇ ਉਸ ਦੀ ਹਾਲਤ ਗੰਭੀਰ ਬਣੀ ਹੋਈ ਹੈ। ਫਿਲਹਾਲ ਉਨ੍ਹਾਂ ਨੂੰ ਆਈਸੀਯੂ 'ਚ ਰੱਖਿਆ ਗਿਆ ਹੈ। ਫਿਲਹਾਲ ਇਸ ਮਾਮਲੇ ਵਿੱਚ ਕਿਸੇ ਦੀ ਗ੍ਰਿਫ਼ਤਾਰੀ ਨਹੀਂ ਹੋਈ ਹੈ।

## ਗਣਤੰਤਰ ਦਿਵਸ ਦੀ ਪੂਰਵ ਸੰਧਿਆ ’ਤੇ ਮਣੀਪੁਰ ’ਚ ਧਮਾਕੇ, ਤਿੰਨ ਜ਼ਖਮੀ



ਮਣੀਪੁਰ, 25 ਜਨਵਰੀ (ਪੋਸਟ ਬਿਊਰੋ)- ਗਣਤੰਤਰ ਦਿਵਸ ਦੇ ਜਸ਼ਨ ਤੋਂ ਇਕ ਦਿਨ ਪਹਿਲਾਂ ਬੁੱਧਵਾਰ ਨੂੰ ਮਣੀਪੁਰ ਦੇ ਉਖਰੁਲ ਸ਼ਹਿਰ ਵਿਚ ਹੋਏ ਧਮਾਕੇ ਵਿਚ ਘੱਟੋ-ਘੱਟ ਤਿੰਨ ਲੋਕ ਜ਼ਖਮੀ ਹੋ ਗਏ, ਜਿਨ੍ਹਾਂ ਵਿਚੋਂ ਇਕ ਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਹੈ। ਇਹ ਧਮਾਕਾ ਸ਼ਾਮ ਨੂੰ ਕਸਬੇ ਦੇ ਗਾਂਧੀ ਚੌਕ 'ਤੇ ਹੋਇਆ। ਪੁਲਿਸ ਨੇ ਕਿਹਾ ਕਿ ਉਹ ਅਜੇ ਤੱਕ ਧਮਾਕੇ ਦੇ ਕਾਰਨਾਂ ਦਾ ਪਤਾ ਨਹੀਂ ਲਗਾ ਸਕੇ ਹਨ ਅਤੇ ਸ਼ੱਕ ਹੈ ਕਿ ਧਮਾਕਾ ਗ੍ਰਨੇਡ ਦੇ ਵਿਸਫੋਟ ਕਾਰਨ ਹੋਇਆ ਹੋ ਸਕਦਾ ਹੈ।

ਇਕ ਪੁਲਸ ਅਧਿਕਾਰੀ ਨੇ ਦੱਸਿਆ ਕਿ ਤਿੰਨ ਜ਼ਖ਼ਮੀਆਂ 'ਚੋਂ ਇਕ 49 ਸਾਲਾ ਔਰਤ ਦੇ ਪੇਟ 'ਚ ਸੱਟ ਲੱਗੀ ਹੈ ਅਤੇ ਉਸ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਜਦਕਿ ਬਾਕੀ ਦੋ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾ ਰਹੀ ਹੈ। ਤਿੰਨੋਂ ਜ਼ਖਮੀਆਂ ਨੂੰ ਉਖਰੁਲ ਜ਼ਿਲਾ ਹਸਪਤਾਲ 'ਚ ਭਰਤੀ ਕਰਵਾਇਆ ਗਿਆ, ਜਿੱਥੋਂ ਔਰਤ ਨੂੰ ਇੰਫਾਲ ਦੇ ਇਕ ਹੋਰ ਹਸਪਤਾਲ 'ਚ ਰੈਫਰ ਕਰ ਦਿੱਤਾ ਗਿਆ।

ਧਮਾਕੇ ਕਾਰਨ ਸੜਕ 'ਤੇ ਇੱਕ ਛੋਟਾ ਜਿਹਾ ਟੋਆ ਪੈ ਗਿਆ ਅਤੇ ਸੜਕ ਦੇ ਕਿਨਾਰੇ ਖੜ੍ਹੇ ਕੁਝ ਵਾਹਨਾਂ ਨੂੰ ਵੀ ਮਾਮੂਲੀ ਨੁਕਸਾਨ ਪਹੁੰਚਿਆ। ਹੁਣ ਤੱਕ ਕਿਸੇ ਵੀ ਅੱਤਵਾਦੀ ਸੰਗਠਨ ਨੇ ਇਸ ਧਮਾਕੇ ਦੀ ਜ਼ਿੰਮੇਵਾਰੀ ਨਹੀਂ ਲਈ ਹੈ।

# ਸੁਖਦੇਵ ਸਿੰਘ ਢੀਂਡਸਾ ਨੇ ਕਿਹਾ: ਭਗਵੰਤ ਸਿੰਘ ਮਾਨ ਵਲੋਂ ਸੰਗਰੂਰ ਵਿਚ ਮੈਡੀਕਲ ਕਾਲਜ਼ ਦਾ ਕੰਮ ਰੁਕਵਾਉਣ ਲਈ ਢੀਂਡਸਾ ਪਰਿਵਾਰ ’ਤੇ ਲਾਏ ਦੋਸ਼ ਬੇਬੁਨਿਆਦ



ਚੰਡੀਗੜ੍ਹ, 25 ਜਨਵਰੀ (ਪੋਸਟ ਬਿਊਰੋ): ਸ਼੍ਰੋਮਣੀ ਅਕਾਲੀ ਦਲ (ਸੰਯੁਕਤ) ਦੇ ਪ੍ਰਧਾਨ ਅਤੇ ਸੰਤ ਅਤਰ ਸਿੰਘ ਗੁਰੂਸਾਗਰ ਮਸਤੂਆਣਾ ਟਰੱਸਟ ਅਤੇ ਅਕਾਲ ਕਾਲਜ ਕੌਂਸਲ ਦੇ ਪ੍ਰਧਾਨ ਸੁਖਦੇਵ ਸਿੰਘ ਢੀਂਡਸਾ ਨੇ ਬੀਤੇ ਕੁੱਝ ਦਿਨ ਪਹਿਲਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਦਿੱਤੇ ਉਸ ਬਿਆਨ ਨੂੰ ਸਿਰੇ ਤੋਂ ਖਾਰਜ ਕਰ ਦਿੱਤਾ ਜਿਸ ਵਿਚ ਉਨ੍ਹਾਂ ਨੇ ਢੀਂਡਸਾ ਪਰਿਵਾਰ ’ਤੇ ਸੰਗਰੂਰ ਮੈਡੀਕਲ ਕਾਲਜ਼ ਦਾ ਕੰਮ ਰੁਕਵਾਉਣ ਦਾ ਦੋਸ਼ ਲਗਾਇਆ ਸੀ। ਸੁਖਦੇਵ ਸਿੰਘ ਢੀਂਡਸਾ ਨੇ ਕਿਹਾ ਕਿ ਅਸੀ ਕਦੇ ਵੀ ਸੰਗਰੂਰ ਵਿਚ ਮੈਡੀਕਲ ਕਾਲਜ਼ ਬਣਾਉਣ ਦੇ ਕੰਮ ਵਿਚ ਅੜਿੱਕਾ ਨਹੀ ਪਾਇਆ ਹੈ ਅਤੇ ਜੇਕਰ ਮੁੱਖ ਮੰਤਰੀ ਇਸ ਕਾਲਜ ਦੇ ਮਾਮਲੇ ਵਿਚ ਉਨ੍ਹਾਂ ਜਾਂ ਉਨ੍ਹਾਂ ਦੇ ਪਰਿਵਾਰ ਦਾ ਕੋਈ ਦਖਲ ਸਾਬਿਤ ਕਰ ਦੇਣ ਤਾਂ ਉਹ ਸ. ਭਗਵੰਤ ਸਿੰਘ ਮਾਨ ਦੇ ਦੇਣਦ-ਾਰ ਹੋਣਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕਾਲਜ਼ ਦੇ ਬਹਾਨੇ ਇਸ ਨੂੰ ਇਕ ਸਿਆਸੀ ਮੁੱਦਾ ਬਣਾ ਕੇ ਪੰਜਾਬ ਦੇ ਲੋਕਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਢੀਂਡਸਾ ਪਰਿਵਾਰ ਪਿਛਲੇ 50-60 ਸਾਲ ਤੋ ਸਿਆਸਤ ਵਿਚ ਹੈ ਪ੍ਰੰਤੂ ਕਦੇ ਵੀ ਉਨ੍ਹਾਂ ਤੇ ਕਿਸੇ ਵੀ ਕਿਸਮ ਦੇ ਦੋਸ਼ ਨਹੀ ਲਗੇ ਹਨ ਪਰ ਹੁਣ ਜਦੋਂ ਸਿੱਧੇ ਤੌਰ ਤੇ ਮੁੱਖ ਮੰਤਰੀ ਵਲੋ ਸੋੜੀ ਰਾਜਨੀਤੀ ਲਈ ਅਜਿਹੇ ਦੋਸ਼ ਲਗਾਏ ਜਾ ਰਹੇ ਹਨ ਤਾਂ ਜਵਾਬ ਦੇਣਾ ਲਾਜ਼ਮੀ ਬਣਦਾ ਹੈ।

ਇਥੇ ਜਾਰੀ ਇਕ ਬਿਆਨ ਵਿਚ ਸੁਖਦੇਵ ਸਿੰਘ ਢੀਂਡਸਾ ਨੇ ਸਪੱਸ਼ਟ ਕੀਤਾ ਕਿ ਜਿਸ ਜਗ੍ਹਾਂ ’ਤੇ ਪੰਜਾਬ ਸਰਕਾਰ ਵਲੋਂ ਮੈਡੀਕਲ ਕਾਲਜ਼ ਬਣਾਉਣ ਦੀ ਤਜਵੀਜ ਬਣ ਰਹੀ ਹੈ, ਉਸ ਜ਼ਮੀਨ ਉੱਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਟਰੱਸਟ ਵਿਚਕਾਰ ਪਿਛਲੇ ਲੰਬੇ ਸਮੇਂ ਤੋਂ ਕੇਸ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਿਚਾਰਅਧੀਨ ਹੈ ਅਤੇ ਹਾਈਕੋਰਟ ਨੇ ਇਸ ਮਾਮਲੇ ਵਿਚ ਸਟੇਟਸ ਕੋ ਦਿੱਤਾ ਹੋਇਆ ਹੈ। ਢੀਂਡਸਾ ਨੇ ਦੱਸਿਆ ਕਿ ਮੈਡੀਕਲ ਕਾਲਜ਼ ਦਾ ਨੀਂਹ ਪੱਥਰ ਰੱਖਣ ਤੋਂ ਪਹਿਲਾਂ ਟਰੱਸਟ ਦੇ ਪ੍ਰਬੰਧਕਾਂ ਵਲੋਂ ਸੰਗਰੂਰ ਦੇ ਡਿਪਟੀ ਕਮਿਸ਼ਨਰ ਨੂੰ ਦਸਤਾਵੇਜ਼ਾਂ ਸਮੇਤ ਇਸ ਬਾਰੇ ਪੂਰੀ ਜਾਣਕਾਰੀ ਦੇ ਦਿੱਤੀ ਗਈ ਸੀ ਪਰ ਇਸ ਦੇ ਬਾਵਜੂਦ ਭਗਵੰਤ ਮਾਨ ਸਰਕਾਰ ਨੇ ਸਬ ਕੁੱਝ ਜਾਣਦੇ ਹੋਏ ਵਿਵਾਦਤ ਜ਼ਮੀਨ ’ਤੇ ਮੈਡੀਕਲ ਕਾਲਜ਼ ਬਣਾਉਣ ਦਾ ਫੈਸਲਾ ਲਿਆ। ਸੁਖਦੇਵ ਸਿੰਘ ਢੀਂਡਸਾ ਨੇ ਅੱਗੇ ਦੱਸਿਆ ਕਿ ਟਰੱਸਟ ਨੇ ਸੰਗਰੂਰ ਵਿਚ ਸੰਤ ਅਤਰ ਸਿੰਘ ਜੀ ਦੀ ਯਾਦ ਵਿਚ ਮੈਡੀਕਲ ਕਾਲਜ਼ ਬਣਾਉਣ ’ਤੇ ਖ਼ੁਸ਼ੀ ਪ੍ਰਗਟ ਕਰਦੇ ਹੋਏ ਨੈਸ਼ਨਲ ਹਾਈਵੇਅ ’ਤੇ ਪਈ ਟਰੱਸਟ ਦੀ 55 ਏਕੜ ਜ਼ਮੀਨ ਵਿਚੋਂ 25 ਏਕੜ ਜ਼ਮੀਨ ’ਤੇ ਮੈਡੀਕਲ ਕਾਲਜ਼ ਬਣਾਉਣ ਦੀ ਪੇਸ਼ਕਸ਼ ਕੀਤੀ ਸੀ ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਵੱਲ ਧਿਆਨ ਦੇਣ ਦੇ ਬਜਾਏ ਸਿਆਸੀ ਬੇਬੁਨਿਆਦੀ ਬਿਆਨਬਾਜ਼ੀ ਸ਼ੁਰੂ ਕਰ ਦਿੱਤੀ ਅਤੇ ਆਪਣੀ ਨਾਕਾਮੀ ਦਾ ਠਿਕਰਾ ਢੀਂਡਸਾ ਪਰਿਵਾਰ ਦੇ ਸਿਰ ਭੰਨ ਦਿੱਤਾ। ਉਨ੍ਹਾਂ ਕਿਹਾ ਕਿ ਜੇਕਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਨੀਅਤ ਸਾਫ਼ ਹੁੰਦੀ ਤਾਂ ਹੁਣ ਤੱਕ ਇਹ ਮੈਡੀਕਲ ਕਾਲਜ਼ ਦੀ ਇਮਾਰਤ ਬਣਕੇ ਤਿਆਰ ਹੋ ਜਾਂਦੀ ਪਰ ਭਗਵੰਤ ਸਿੰਘ ਮਾਨ ਨੇ ਜਾਣਬੁੱਝ ਕੇ ਮੈਡੀਕਲ ਕਾਲਜ਼ ਬਣਾਉਣ ਲਈ ਵਿਵਾਦਤ ਜ਼ਮੀਨ ਦੀ ਚੋਣ ਕੀਤੀ। ਉਨ੍ਹਾਂ ਕਿਹਾ ਕਿ ਟਰੱਸਟ ਅਤੇ ਅਕਾਲ ਕਾਲਜ ਕੌਂਸਲ ਸਰਕਾਰ ਨੂੰ ਹਰ ਸਹਿਯੋਗ ਦੇਣ ਲਈ ਤਿਆਰ ਹੈ ਅਤੇ ਉਨ੍ਹਾਂ ਦੀ ਇਹ ਮੰਗ ਹੈ ਕਿ ਮਸਤੂਆਣਾ ਸਾਹਿਬ ਦੀ ਧਰਤੀ ਤੇ ਮੈਡੀਕਲ ਕਾਲਜ ਸੰਤ ਅਤਰ ਸਿੰਘ ਦੇ ਨਾਮ ਤੇ ਹੀ ਬਣਾਇਆ ਜਾਵੇ। ਢੀਂਡਸਾ ਨੇ ਇਹ ਵੀ ਪੇਸ਼ਕਸ਼ ਕੀਤੀ ਕਿ ਜਦੋਂ ਤਕ ਕਾਲਜ ਤਿਆਰ ਹੋਕੇ ਸ਼ੁਰੂ ਨਹੀ ਹੁੰਦਾ ਉਦੋਂ ਤਕ ਸਰਕਾਰ ਆਰਜੀ ਤੌਰ ਤੇ ਟਰੱਸਟ ਦੀ ਬਿਲਡਿੰਗ ਵਿਚ ਕਾਲਜ ਸ਼ੁਰੂ ਕਰ ਸਕਦੀ ਹੈ। ਢੀਂਡਸਾ ਨੇ ਕਿਹਾ ਕਿ ਉਨ੍ਹਾਂ ਦੀ ਦਿਲੀ ਇੱਛਾ ਹੈ ਕਿ ਸੰਗਰੂਰ ਵਿਚ ਮੈਡੀਕਲ ਕਾਲਜ਼ ਬਣੇ ਪਰ ਮਾਨ ਸਰਕਾਰ ਨੂੰ ਇਸ ਵਿਵਾਦਤ ਜ਼ਮੀਨ ਦੀ ਥਾਂ ਟਰੱਸਟ ਵਲੋਂ ਬਿਨਾਂ ਝਗੜੇ ਵਾਲੇ ਪੇਸ਼ਕਸ਼ ਕੀਤੀ ਗਈ ਜ਼ਮੀਨ ’ਤੇ ਮੈਡੀਕਲ ਕਾਲਜ਼ ਬਣਾਉਣਾ ਚਾਹੀਦਾ ਹੈ ਅਤੇ ਜੇਕਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਇਸ ਤੇ ਸਹਿਮਤੀ ਪ੍ਰਗਟ ਕਰਦੇ ਹਨ ਤਾਂ ਉਹ ਉਨ੍ਹਾਂ ਨਾਲ ਮੀਟਿੰਗ ਕਰਨ ਲਈ ਵੀ ਤਿਆਰ ਹਨ।

# ਗਣਤੰਤਰ ਦਿਵਸ ਦੀ ਪੂਰਵ ਸੰਧਿਆ ’ਤੇ ਸੀਬੀਆਈ ਦੇ 30 ਅਧਿਕਾਰੀਆਂ ਨੂੰ ਪੁਲਿਸ ਮੈਡਲ



ਨਵੀਂ ਦਿੱਲੀ, 25 ਜਨਵਰੀ (ਪੋਸਟ ਬਿਊਰੋ)- ਕੇਂਦਰੀ ਜਾਂਚ ਬਿਊਰੋ (ਸੀਬੀਆਈ) ਦੇ 30 ਅਧਿਕਾਰੀਆਂ ਨੂੰ ਗਣਤੰਤਰ ਦਿਵਸ ਦੀ ਪੂਰਵ ਸੰਧਿਆ 'ਤੇ ਬੁੱਧਵਾਰ ਨੂੰ ਪੁਲਿਸ ਮੈਡਲ ਨਾਲ ਸਨਮਾਨਿਤ ਕੀਤਾ ਗਿਆ। ਇਨ੍ਹਾਂ ਵਿੱਚ ਬਾਲ ਜਿਨਸੀ ਸ਼ੋਸ਼ਣ ਸਮੱਗਰੀ, ਮਹੰਤ ਨਰਿੰਦਰ ਗਿਰੀ ਦੀ ਮੌਤ ਅਤੇ ਲਾਲੂ ਪ੍ਰਸਾਦ ਨਾਲ ਸਬੰਧਤ ਮਾਮਲਿਆਂ ਦੀ ਜਾਂਚ ਦੀ ਨਿਗਰਾਨੀ ਕਰਨ ਵਾਲੇ ਅਧਿਕਾਰੀ ਸ਼ਾਮਲ ਹਨ।

ਸਰਕਾਰ ਨੇ ਇੱਕ ਬਿਆਨ ਵਿੱਚ ਕਿਹਾ ਕਿ ਸੀਬੀਆਈ ਦੇ ਛੇ ਅਧਿਕਾਰੀਆਂ ਨੂੰ ਵਿਸ਼ੇਸ਼ ਸੇਵਾ ਲਈ ਰਾਸ਼ਟਰਪਤੀ ਪੁਲਿਸ ਮੈਡਲ (ਪੀਪੀਐਮਡੀਐਸ) ਨਾਲ ਸਨਮਾਨਿਤ ਕੀਤਾ ਗਿਆ, ਜਦੋਂ ਕਿ 24 ਨੂੰ ਮੈਰੀਟੋਰੀਅਸ ਸਰਵਿਸ (ਪੀਐਮਐਮਐਸ) ਲਈ ਪੁਲਿਸ ਮੈਡਲ ਨਾਲ ਸਨਮਾਨਿਤ ਕੀਤਾ ਗਿਆ।

ਬਿਆਨ ਵਿੱਚ ਕਿਹਾ ਗਿਆ ਹੈ ਕਿ ਭਾਰਤੀ ਪੁਲਿਸ ਸੇਵਾ (ਆਈਪੀਐਸ) ਦੇ 1997 ਬੈਚ ਦੇ ਅਧਿਕਾਰੀ ਅਤੇ ਏਜੰਸੀ ਵਿੱਚ ਸੰਯੁਕਤ ਡਾਇਰੈਕਟਰ ਬਿਪਲਵ ਕੁਮਾਰ ਚੌਧਰੀ ਨੂੰ ਪੀਪੀਐਮਡੀਐੱਸ ਉਹ ਬਾਲ ਜਿਨਸੀ ਸ਼ੋਸ਼ਣ ਸਮੱਗਰੀ ਦੀ ਆਨਲਾਈਨ ਵਿਕਰੀ ਅਤੇ ਪ੍ਰਯਾਗਰਾਜ ਵਿੱਚ ਅਖਿਲ ਭਾਰਤੀ ਅਖਾੜਾ ਪ੍ਰੀਸ਼ਦ ਦੇ ਪ੍ਰਧਾਨ ਮਹੰਤ ਨਰੇਂਦਰ ਗਿਰੀ ਦੀ ਮੌਤ ਸਮੇਤ ਹੋਰ ਮਾਮਲਿਆਂ ਦੀ ਜਾਂਚ ਦੀ ਨਿਗਰਾਨੀ ਕਰ ਰਿਹਾ ਸੀ।

ਬਿਆਨ ਦੇ ਅਨੁਸਾਰ, ਏਜੰਸੀ ਦੇ ਇੱਕ ਹੋਰ ਸੰਯੁਕਤ ਨਿਰਦੇਸ਼ਕ ਸ਼ਰਦ ਅਗਰਵਾਲ (1997 ਬੈਚ) ਨੂੰ ਵੀ ਪੀਪੀਐਮਡੀਐਸ ਨਾਲ ਸਨਮਾਨਿਤ ਕੀਤਾ ਗਿਆ ਹੈ। ਉਸਨੇ ਗੁਰੂਗ੍ਰਾਮ ਦੇ ਇੱਕ ਸਕੂਲ ਵਿੱਚ ਦੂਜੀ ਜਮਾਤ ਦੇ ਵਿਦਿਆਰਥੀ ਦੇ ਕਤਲ, ਝਾਰਖੰਡ ਦੇ ਜੱਜ ਉੱਤਮ ਆਨੰਦ ਦੀ ਕਥਿਤ ਹੱਤਿਆ ਅਤੇ ਰਾਸ਼ਟਰੀ ਜਨਤਾ ਦਲ (ਆਰਜੇਡੀ) ਦੇ ਮੁਖੀ ਲਾਲੂ ਪ੍ਰਸਾਦ ਨਾਲ ਕਥਿਤ ਭ੍ਰਿਸ਼ਟਾਚਾਰ ਦੇ ਮਾਮਲਿਆਂ ਦੀ ਜਾਂਚ ਦੀ ਨਿਗਰਾਨੀ ਕੀਤੀ।

ਬਿਆਨ ਮੁਤਾਬਕ ਨੈਸ਼ਨਲ ਹਾਈਵੇਅ ਅਥਾਰਟੀ ਆਫ ਇੰਡੀਆ, ਅਗਸਤਾ ਵੈਸਟਲੈਂਡ ਹੈਲੀਕਾਪਟਰ ਸੌਦੇ ਵਿੱਚ ਭ੍ਰਿਸ਼ਟਾਚਾਰ, ਵਿਜੇ ਮਾਲਿਆ ਦੇ ਕੇਸਾਂ ਅਤੇ ਇਲਾਹਾਬਾਦ ਹਾਈ ਕੋਰਟ ਦੇ ਸਾਬਕਾ ਜੱਜ ਜਸਟਿਸ ਐਸ।ਐਨ। ਸ਼ੁਕਲਾ ਬੈਚ) ਗਗਨਦੀਪ ਗੰਭੀਰ ਨੂੰ ਪੀਐੱਮਐੱਮਐੱਸ ਵਧੀਕ ਪੁਲਿਸ ਸੁਪਰਡੈਂਟ ਸੱਤਿਆ ਨਰਾਇਣ ਜਾਟ ਅਤੇ ਥੰਗਲੀਅਨ ਮੰਗ ਐਮ ਅਤੇ ਹੈੱਡ ਕਾਂਸਟੇਬਲ ਅਦੂ ਰਾਮ ਅਤੇ ਗੌਤਮ ਚੰਦਰ ਦਾਸ ਨੂੰ ਵੀ ਪੀਪੀਐਮਡੀਐਸ ਨਾਲ ਸਨਮਾਨਿਤ ਕੀਤਾ ਗਿਆ ਹੈ।

ਐਸਪੀ ਪ੍ਰਵੀਨ ਮੰਡਲੋਈ, ਵਧੀਕ ਪੁਲਿਸ ਕਪਤਾਨ ਕੌਸ਼ਲ ਕਿਸ਼ੋਰ ਸਿੰਘ, ਉਪ ਪੁਲਿਸ ਕਪਤਾਨ ਜਗਰੂਪ ਸਿੰਘ, ਡਾਰਵਿਨ ਕੇਜੇ, ਵਿਕਾਸ ਚੰਦਰ ਚੌਰਸੀਆ, ਜਾਵੇਦ ਅਖਤਰ ਅਲੀ, ਕੁਮਾਰ ਅਭਿਸ਼ੇਕ, ਮਨੋਜ ਕੁਮਾਰ, ਗਿਰੀਸ਼ ਸੋਨੀ, ਜਗਦੇਵ ਸਿੰਘ ਯਾਦਵ ਅਤੇ ਮੁਕੇਸ਼ ਕੁਮਾਰ ਨੂੰ ਸਨਮਾਨਿਤ ਕੀਤਾ ਗਿਆ ਹੈ। ਇੰਸਪੈਕਟਰ ਤੇਜਵੀਰ ਸਿੰਘ, ਮੁੰਨਾ ਕੁਮਾਰ ਸਿੰਘ ਅਤੇ ਗਣੇਸ਼ ਸ਼ੰਕਰ, ਹੈੱਡ ਕਾਂਸਟੇਬਲ ਜਹਰ ਲਾਲ ਨਾਇਕ, ਈ ਵਰਗੀਸ ਪੌਲੋਸ, ਜਗਦੀਸ਼ ਚੌਧਰੀ, ਬਿਜੋਏ ਬਰੂਆ ਅਤੇ ਦੇਬਦੱਤ ਮੁਖਰਜੀ, ਕਾਂਸਟੇਬਲ ਸਤੀਸ਼ ਕੁਮਾਰ ਅਤੇ ਅਫਸਰ ਸੁਪਰਡੈਂਟ ਅਨੂਪ ਮੈਥਿਊਜ਼, ਸਟੈਨੋਗ੍ਰਾਫਰ ਖੋਕਨ ਭੱਟਾਚਾਰਜੀ ਅਤੇ ਪਬਲਿਕ ਚੰਦਰ ਸੈਨੋਗ੍ਰਾਫਰ ਸਨ।

# ਸ਼੍ਰੋਮਣੀ ਅਕਾਲੀ ਦਲ ਨੇ ਗੁਰਮੀਤ ਰਾਮ ਰਹੀਮ ਦੀ ਪੈਰੋਲ ਵਧਾਉਣ ਦੀ ਕੀਤੀ ਜ਼ੋਰਦਾਰ ਨਿਖੇਧੀ



ਚੰਡੀਗੜ੍ਹ, 25 ਜਨਵਰੀ (ਪੋਸਟ ਬਿਊਰੋ): ਸ਼੍ਰੋਮਣੀ ਅਕਾਲੀ ਦਲ ਨੇ ਅੱਜ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਦੀ ਪੈਰੋਲ ਵਿਚ ਵਾਧਾ ਕਰਨ ਦੀ ਜ਼ੋਰਦਾਰ ਨਿਖੇਧੀ ਕਰਦਿਆਂ ਹਰਿਆਣਾ ਸਰਕਾਰ ਵੱਲੋਂ ਜ਼ਬਰ ਜਨਾਹ ਦੇ ਦੋਸ਼ੀ ਠਹਿਰਾਏ ਮੁਜਰਿਮ ਨੂੰ ਸੂਬਾ ਪੱਧਰੀ ਸਮਾਗਮ ਵਾਸਤੇ ਸੱਦਾ ਦੇਣ ਨੂੰ ਨਿਆਂਇਕ ਪ੍ਰਕਿਰਿਆ ਲਈ ਚੁਣੌਤੀ ਕਰਾਰ ਦਿੱਤਾ।

ਅਕਾਲੀ ਦਲ ਦੇ ਪੰਥਕ ਸਲਾਹਕ-ਾਰ ਬੋਰਡ, ਜਿਸਦੀ ਬੀਤੀ ਸ਼ਾਮ ਮੀਟਿੰਗ ਹੋਈ, ਨੇ ਕਿਹਾ ਕਿ ਜਿਸ ਤਰੀਕੇ ਹਰਿਆਣਾ ਸਰਕਾਰ ਦੇ ਸਿਖਰਲੇ ਅਧਿਕਾਰੀ ਰਾਮ ਰਹੀਮ ਨੂੰ ਸਨਮਾਨਤ ਕਰ ਰਹੇ ਹਨ, ਉਸ ਨਾਲ ਸਭਿਅਕ ਸਮਾਜ ਵਿਚ ਗਲਤ ਸੰਦੇਸ਼ ਗਿਆ ਹੈ।ਉਹਨਾਂ ਕਿਹਾ ਕਿ ਇਹ ਰਾਜ ਸਰਕਾਰ ਨੂੰ ਸੋਭਦਾ ਨਹੀਂ ਕਿ ਮੁੱਖ ਮੰਤਰੀ ਦੇ ਓ ਐਸ ਡੀ ਅਤੇ ਭਾਜਪਾ ਦੇ ਐਮ ਪੀ ਇਕ ਜਬਰ ਜਨਾਹ ਦੇ ਦੋਸ਼ੀ ਤੇ ਕਾਤਲ ਨੂੰ ਸੂਬਾ ਪੱਧਰੀ ਸਮਾਗਮਾਂ ਵਾਸਤੇ ਸੱਦਾ ਦੇਣ ਲਈ ਜਾਣ। ਇਹ ਵੀ ਕਿਹਾ ਕਿ ਇਹ ਕਾਰਵਾਈ ਅਦਾਲਤ ਦੀ ਮਾਣਹਾਨੀ ਦੇ ਸਮਾਨ ਹੈ।

ਸਲਾਹਕਾਰ ਬੋਰਡ ਦੀ ਮੀਟਿੰਗ, ਜਿਸਦੀ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕੀਤੀ, ਵਿਚ ਇਹ ਵੀ ਕਿਹਾ ਗਿਆ ਕਿ ਭਾਵੇਂ ਰਾਮ ਰਹੀਮ ਦੇ ਖਿਲਾਫ ਫੌਜਦਾਰੀ ਕੇਸ ਪੈਂਡਿੰਗ ਹਨ ਪਰ ਇਸਦੇ ਬਾਵਜੂਦ ਹਰਿਆਣਾ ਸਰਕਾਰ ਉਸਨੂੰ ਵੀ ਵੀ ਆਈ ਵਜੋਂ ਮਾਣ ਸਤਿਕਾਰ ਦੇ ਰਹੀ ਹੈ ਤੇ ਪੂਰੀ ਹਮਾਇਤ ਦੇ ਰਹੀ ਹੈ। ਇਹ ਵੀ ਕਿਹਾ ਕਿ ਅਜਿਹੇ ਹਾਲਾਤ ਵਿਚ ਮੁਜਰਿਮ ਵੱਲੋਂ ਉਸ ਖਿਲਾਫ ਦਰਜ ਕੇਸਾਂ ਵਿਚ ਗਵਾਹਾਂ ਨੂੰ ਪ੍ਰਭਾਵਤ ਕਰਨ ਦੇ ਆਸਾਰ ਹਨ। ਇਹਨਾਂ ਸਾਰੇ ਮਾਮਲਿਆਂ ਨੂੰ ਧਿਆਨ ਵਿਚ ਰੱਖਦਿਆਂ ਰਾਮ ਰਹੀਮ ਨੂੰ ਤੁਰੰਤ ਪੱਛਮੀ ਬੰਗਾਲ ਵਰਗੇ ਕਿਸੇ ਹੋਰ ਸੂਬੇ ਵਿਚ ਤਬਦੀਲ ਕੀਤਾ ਜਾਣਾ ਚਾਹੀਦਾ ਹੈ। ਬੋਰਡ ਨੇ ਇਸ ਗੱਲ ਦਾ ਵੀ ਨੋਟਿਸ ਲਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਵਾਸਤੇ ਆਰੰਭੀ ਹਸਤਾਖ਼ਰ ਮੁਹਿੰਮ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਬੋਰਡ ਨੇ ਸਰਬਸੰਮਤੀ ਨਾਲ ਮਤਾ ਪਾਸ ਕਰ ਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ’ਤੇ ਹਮਲਾ ਕਰਨ ਦੀ ਜ਼ੋਰਦਾਰ ਨਿਖੇਧੀ ਕੀਤੀ ਅਤੇ ਕਿਹਾ ਕਿ ਇਹ ਹਮਲਾ ਸਿੱਖ ਸੰਸਥਾਵਾਂ ਨੂੰ ਕਮਜ਼ੋਰ ਕਰਨ ਦੇ ਮਨਸ਼ੇ ਨਾਲ ਕੀਤਾ ਗਿਆ।

ਮੀਟਿੰਗ ਵਿਚ ਹੋਰਨਾਂ ਤੋਂ ਇਲਾਵਾ ਬਲਵਿੰਦਰ ਸਿੰਘ ਭੂੰਦੜ, ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਪਰਮਜੀਤ ਸਿੰਘ ਸਰਨਾ, ਗੋਬਿੰਦ ਸਿੰਘ ਲੌਂਗੋਵਾਲ, ਗੁਲਜ਼ਾਰ ਸਿੰਘ ਰਣੀਕੇ, ਡਾ. ਦਲਜੀਤ ਸਿੰਘ ਚੀਮਾ (ਮੈਂਬਰ ਸਕੱਤਰ), ਅਲਵਿੰਦਰਪਾਲ ਸਿੰਘ ਪੱਖੋਕੇ, ਪ੍ਰੋ. ਵਿਰਸਾ ਸਿੰਘ ਵਲਟੋਹਾ, ਭਾਈ ਮਨਜੀਤ ਸਿੰਘ, ਭਾਈ ਰਾਮ ਸਿੰਘ, ਗੁਰਚਰਨ ਸਿੰਘ ਗਰੇਵਾਲ, ਰਾਜਿੰਦਰ ਸਿੰਘ ਮਹਿਤਾ, ਅਮਰਜੀਤ ਸਿੰਘ ਚਾਵਲਾ, ਕਰਨੈਲ ਸਿੰਘ ਪੀਰਮੁਹੰਮਦ, ਬੀਬੀ ਕਿਰਨਜੋਤ ਕੌਰ, ਬੀਬੀ ਹਰਜਿੰ-ਦਰ ਕੌਰ ਚੰਡੀਗੜ੍ਹ, ਰਣਜੀਤ ਕੌਰ ਦਿੱਲੀ, ਬਾਬਾ ਬੂਟਾ ਸਿੰਘ, ਜਗਜੀਤ ਸਿੰਘ ਤਲਵੰਡੀ, ਪ੍ਰਿਤਪਾਲ ਸਿੰਘ ਪਾਲੀ ਤੇ ਬਾਬਾ ਟੇਕ ਸਿੰਘ ਧਨੌਲਾ ਨੇ ਵੀ ਸ਼ਮੂਲੀਅਤ ਕੀਤੀ।

# ਸੰਤ ਸੀਚੇਵਾਲ ਵੱਲੋਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਰਿਹਾਅ ਕਰਨ ਦੀ ਮੰਗ



ਚੰਡੀਗੜ੍ਹ, 25 ਜਨਵਰੀ (ਪੋਸਟ ਬਿਊਰੋ): ਬੰਦੀ ਸਿੰਘ ਦੀ ਰਿਹਾਈ ਦੀ ਪੁਰਜ਼ੋਰ ਹਮਾਇਤ ਕਰਦਿਆ ਰਾਜ ਸਭਾ ਮੈਂਬਰ ਤੇ ਵਾਤਾਵਰਨ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਜਿਹੜੇ ਬੰਦੀ ਸਿੰਘਾਂ ਦੀਆਂ ਸਜ਼ਾਵਾਂ ਪੂਰੀਆਂ ਹੋ ਚੁੱਕੀਆ ਹਨ ਉਨ੍ਹਾਂ ਨੂੰ ਤੁਰੰਤ ਰਿਹਾਅ ਕਰਨਾ ਚਾਹੀਦਾ ਹੈ। ਗਣਤੰਤਰ ਦਿਵਸ ਦੀ ਪੂਰਵ ਸੰਧਿਆ’ਤੇ ਜਾਰੀ ਕੀਤੇ ਬਿਆਨ ਵਿੱਚ ਸੰਤ ਸੀਚੇਵਾਲ ਨੇ ਕਿਹਾ ਕਿ ਇਹ ਜਿੱਥੇ ਇਨਸਾਫ਼ ਦਾ ਮਾਮਲਾ ਹੈ ਉਥੇ ਹੀ ਮਨੁੱਖੀ ਅਧਿਕਾਰਾਂ ਦਾ ਵੀ ਗੰਭੀਰ ਮਾਮਲਾ ਹੈ। ਉਨ੍ਹਾਂ ਕਿਹਾ ਕਿ ਜਿਹੜੇ ਸੰਵਿਧਾਨ ਅਨੁਸਾਰ ਬੰਦੀ ਸਿੰਘਾਂ ਨੂੰ ਸਜ਼ਾਵਾਂ ਹੋਈਆ ਸਨ ਉਹੀ ਸੰਵਿਧਾਨ ਜਿਉਣ ਦਾ ਅਧਿਕਾਰ ਵੀ ਦਿੰਦਾ ਹੈ। ਸਜ਼ਾਵਾਂ ਪੂਰੀਆਂ ਹੋਣ ਦੇ ਬਾਵਜੂਦ ਉਨ੍ਹਾਂ ਨੂੰ ਜੇਲ੍ਹਾਂ ਵਿੱਚ ਰੱਖਣਾ ਗੈਰ-ਸੰਵਿਧਾਨਕ ਹੈ।

ਸੰਤ ਸੀਚੇਵਾਲ ਨੇ ਕੇਂਦਰ ਸਰਕਾਰ’ਤੇ ਦੇਸ਼ ਦੇ ਵੱਖ-ਵੱਖ ਸੂਬਿਆਂ ਦੀਆਂ ਸਰਕਾਰਾਂ ਨੂੰ ਅਪੀਲ ਕੀਤੀ ਕਿ ਉਹ ਉਨ੍ਹਾਂ ਬੰਦੀ ਸਿੰਘਾਂ ਨੂੰ ਰਿਹਾਅ ਕਰਨ ਦੀ ਪ੍ਰੀਕ੍ਰਿਆ ਸ਼ੁਰੂ ਕੀਤੀ ਜਾਵੇ ਜਿੰਨ੍ਹਾਂ ਦੀਆਂ ਸਜ਼ਾਵਾਂ ਪੂਰੀਆਂ ਹੋ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਨੂੰ ਬਿਨ੍ਹਾਂ ਕਿਸੇ ਦੇਰੀ ਦੇ ਛੱਡਿਆ ਜਾਵੇ। ਉਨ੍ਹਾਂ ਕਿਹਾ ਕਿ ਬਹੁਤ ਸਾਰੀਆਂ ਜੱਥੇਬੰਦੀਆਂ ਲੰਮੇ ਸਮੇ ਤੋਂ ਇਸ ਦੀ ਮੰਗ ਵੀ ਕਰ ਰਹੀਆਂ ਹਨ।

# ਭਾਜਪਾ ਨੇ ਸੋਚੀ-ਸਮਝੀ ਸਾਜ਼ਿਸ਼ ਤਹਿਤ ਪੰਜਾਬ ਅਤੇ ਦਿੱਲੀ ਸਮੇਤ ਗੈਰ-ਭਾਜਪਾਈ ਸੂਬੇ ਪਰੇਡ ਤੋਂ ਬਾਹਰ ਰੱਖੇ : ਮੁੱਖ ਮੰਤਰੀ

***ਗਣਤੰਤਰ ਦਿਵਸ ਪਰੇਡ ਵਿੱਚ ਪੰਜਾਬ ਦੀ ਝਾਕੀ ਨੂੰ ਜਾਣਬੁੱਝ ਕੇ ਸ਼ਾਮਲ ਨਾ ਕਰਨ ’ਤੇ ਮੁੱਖ ਮੰਤਰੀ ਨੇ ਕੇਂਦਰ ਸਰਕਾਰ ’ਤੇ ਨਿਸ਼ਾਨਾ ਸਾਧਿਆ *ਕੇਂਦਰ ਸਰਕਾਰ ਦੇ ਪੰਜਾਬ ਵਿਰੋਧੀ ਵਤੀਰੇ ਨੂੰ ਅਣਉਚਿਤ ਦੱਸਿਆ**

ਚੰਡੀਗੜ੍ਹ, 25 ਜਨਵਰੀ (ਪੋਸਟ ਬਿਊਰੋ): ਗਣਤੰਤਰ ਦਿਵਸ ਦੀ ਪਰੇਡ ਵਿੱਚ ਸੂਬੇ ਦੀ ਝਾਕੀ ਨੂੰ ਸ਼ਾਮਲ ਨਾ ਕਰਨ ਲਈ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਸਖ਼ਤ ਆਲੋਚਨਾ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਕਿਹਾ ਕਿ ਕੇਂਦਰ ਸਰਕਾਰ ਦਾ ਇਹ ਪੰਜਾਬ ਵਿਰੋਧੀ ਵਤੀਰਾ ਅਣ-ਉਚਿਤ ਅਤੇ ਗੈਰ-ਵਾਜਬ ਹੈ।



ਅੱਜ ਇੱਥੇ ਜਾਰੀ ਇੱਕ ਬਿਆਨ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਹਰ ਸਾਲ ਗਣਤੰਤਰ ਦਿਵਸ ਪਰੇਡ ਦੇ ਜਸ਼ਨਾਂ ਵਿੱਚ ਇੱਕ ਸ਼ਾਨਦਾਰ ਰਸਮੀ ਪਰੇਡ ਸ਼ਾਮਲ ਹੁੰਦੀ ਹੈ, ਜਿਸ ਵਿੱਚ ਵੱਖ-ਵੱਖ ਸੂਬਿਆਂ ਦੀਆਂ ਝਾਕੀਆਂ ਰਾਹੀਂ ਭਾਰਤ ਜੋ ਅਨੇਕਤਾ ਵਿੱਚ ਏਕਤਾ ਅਤੇ ਅਮੀਰ ਸੱਭਿਆਚਾਰਕ ਵਿਰਸੇ ਦਾ ਪ੍ਰਤੀਕ ਹੈ, ਨੂੰ ਸਤਿਕਾਰ ਭੇਟ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਸ ਪਰੇਡ ਵਿੱਚ ਪੰਜਾਬ ਆਪਣੇ ਗੌਰਵਮਈ ਇਤਿਹਾਸ, ਅਮੀਰ ਵਿਰਸਾ, ਮਹਾਨ ਸੱਭਿਆਚਾਰ ਅਤੇ ਭਾਰਤ ਦੇ ਇਤਿਹਾਸ ਵਿੱਚ ਆਪਣੇ ਅਹਿਮ ਯੋਗਦਾਨ ਨੂੰ ਦਰਸਾਉਂਦੀ ਝਾਕੀ ਨਿਯਮਤ ਤੌਰ 'ਤੇ ਪੇਸ਼ ਕਰਦਾ ਆ ਰਿਹਾ ਹੈ। ਭਗਵੰਤ ਮਾਨ ਨੇ ਕਿਹਾ ਕਿ ਇਹ ਬਹੁਤ ਹੀ ਦੁੱਖ ਵਾਲੀ ਗੱਲ ਹੈ ਕਿ ਵੱਖ-ਵੱਖ ਵਿਸ਼ੇ ਜਿਵੇਂ 'ਵਤਨ ਕੇ ਰਖਵਾਲੇ' ਰਾਹੀਂ ਭਾਰਤ ਦੀ ਫੌਜੀ ਤਾਕਤ ਵਿਚ ਅਤੇ ਅੰਨਦਾਤਾ ਵਜੋਂ ਪੰਜਾਬ ਦੀ ਮਹੱਤਤਾ ਦਰਸਾਉਣ, ਮਾਈ ਭਾਗੋ ਜੀ ਦੀ ਸੂਰਮਗਤੀ ਨੂੰ ਦਰਸਾਉਂਦੀ ‘ਨਾਰੀ ਸ਼ਕਤੀ’ ਅਤੇ ਸਾਰਾਗੜ੍ਹੀ ਦੀ ਜੰਗ ਰਾਹੀਂ ਬਹਾਦਰੀ ਅਤੇ ਮਹਾਨ ਕੁਰਬਾਨੀਆਂ ਭਰੇ ਕਿੱਸੇ ਦੇ ਨਾਲ ਨਾਲ ਆਜ਼ਾਦੀ ਸੰਗਰਾਮ ਦੇ ਇਤਿਹਾਸ ਦੀਆਂ ਸਤਿਕਾਰਤ ਘਟਨਾਵਾਂ ਵਰਗੇ ਮਹੱਤਵਪੂਰਨ ਵਿਸ਼ਿਆਂ ਨੂੰ ਚੋਣ ਕਮੇਟੀ ਅੱਗੇ ਰੱਖਣ ਦੇ ਬਾਵਜੂਦ ਪੰਜਾਬ ਦੀ ਝਾਕੀ ਨੂੰ ਗਣਤੰਤਰ ਦਿਵਸ ਪਰੇਡ ਲਈ ਨਹੀਂ ਚੁਣਿਆ ਗਿਆ।

ਮੁੱਖ ਮੰਤਰੀ ਨੇ ਕਿਹਾ ਕਿ ਭਾਵੇਂ ਚੋਣ ਕਮੇਟੀ ਨੇ ਵਿਚਾਰਾਂ ਦੀ ਸ਼ਲਾਘਾ ਵੀ ਕੀਤੀ ਸੀ ਪਰ ਇਹ ਦੁੱਖ ਦੀ ਗੱਲ ਹੈ ਕਿ ਸਮੁੱਚੇ ਵਿਸ਼ਵ ਸਮੇਤ ਇਸ ਮਹਾਨ ਦੇਸ਼ ਦੇ ਲੋਕ ਪੰਜਾਬ ਵੱਲੋਂ ਦਰਸਾਏ ਜਾਣ ਵਾਲੇ ਅਮੀਰ ਸੱਭਿਆਚਾਰ ਅਤੇ ਇਤਿਹਾਸ ਤੋਂ ਵਾਂਝੇ ਰਹਿ ਜਾਣਗੇ। ਉਨ੍ਹਾਂ ਚੇਤੇ ਕਰਵਾਇਆ ਕਿ ਸਾਡੀ ਮਾਤ-ਭੂਮੀ ਨੂੰ ਬਰਤਾਨਵੀ ਸਾਮਰਾਜਵਾਦ ਤੋਂ ਆਜ਼ਾਦ ਕਰਵਾਉਣ ਲਈ ਪੰਜਾਬੀਆਂ ਨੇ ਵੱਡੀਆਂ ਕੁਰਬਾਨੀਆਂ ਕੀਤੀਆਂ ਹਨ। ਭਗਵੰਤ ਮਾਨ ਨੇ ਕਿਹਾ ਕਿ ਦੇਸ਼ ਦੀ ਅਬਾਦੀ ਦਾ ਮਹਿਜ਼ ਦੋ ਫੀਸਦੀ ਹੋਣ ਦੇ ਬਾਵਜੂਦ ਆਜ਼ਾਦੀ ਦੀ ਲਹਿਰ ਦੌਰਾਨ 80 ਫੀਸਦੀ ਸ਼ਹੀਦ ਪੰਜਾਬੀ ਸਨ ਜਿਨ੍ਹਾਂ ਨੂੰ ਜਾਂ ਤਾਂ ਫਾਂਸੀ ਚੜ੍ਹਾਇਆ ਗਿਆ ਜਾਂ ਜਲਾਵਤਨ ਕਰ ਦਿੱਤਾ ਗਿਆ।

ਮੁੱਖ ਮੰਤਰੀ ਨੇ ਕਿਹਾ ਕਿ ਆਜ਼ਾਦੀ ਤੋਂ ਬਾਅਦ ਵੀ ਪੰਜਾਬੀਆਂ ਨੇ ਦੇਸ਼ ਦੀ ਖੁਸ਼ਹਾਲੀ ਅਤੇ ਸਰਬਪੱਖੀ ਵਿਕਾਸ ਦੇ ਨਾਲ-ਨਾਲ ਦੇਸ਼ ਦੀਆਂ ਸਰਹੱਦਾਂ ਦੀ ਬਾਹਰੀ ਹਮਲਿਆਂ ਤੋਂ ਰਾਖੀ ਕਰਨ ਵਿੱਚ ਅਹਿਮ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਆਜ਼ਾਦੀ ਸੰਗਰਾਮ ਵਿੱਚ ਪੰਜਾਬੀਆਂ ਦੀ ਇਸ ਸ਼ਾਨਦਾਰ ਭੂਮਿਕਾ ਨੂੰ ਝਾਕੀ ਰਾਹੀਂ ਦਿਖਾਉਣਾ ਚਾਹੁੰਦੀ ਸੀ। ਭਗਵੰਤ ਮਾਨ ਨੇ ਅਫਸੋਸ ਜ਼ਾਹਿਰ ਕੀਤਾ ਕਿ ਕੇਂਦਰ ਸਰਕਾਰ ਨੇ ਪੰਜਾਬ ਨੂੰ ਆਪਣੀਆਂ ਪ੍ਰਾਪਤੀਆਂ ਦੁਨੀਆ ਨੂੰ ਦਿਖਾਉਣ ਦੀ ਇਜਾਜ਼ਤ ਨਾ ਦੇ ਕੇ ਗਹਿਰੀ ਸਾਜ਼ਿਸ਼ ਘੜੀ ਹੈ।

ਮੁੱਖ ਮੰਤਰੀ ਨੇ ਅਫ਼ਸੋਸ ਜ਼ਾਹਰ ਕੀਤਾ ਕਿ ਭਾਵੇਂ ਦੇਸ਼ ਆਪਣੀ ਆਜ਼ਾਦੀ ਦਾ 75ਵਾਂ ਵਰ੍ਹਾ ਮਨਾ ਰਿਹਾ ਹੈ ਪਰ ਜਿਨ੍ਹਾਂ ਕਰਕੇ ਦੇਸ਼ ਨੂੰ ਆਜ਼ਾਦੀ ਮਿਲੀ ਹੈ, ਕੇਂਦਰ ਸਰਕਾਰ ਉਨ੍ਹਾਂ ਦੇਸ਼ ਭਗਤਾਂ 'ਤੇ ਹੀ ਸੰਦੇਹ ਪ੍ਰਗਟਾ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹੁਤ ਹੈਰਾਨੀਜਨਕ ਹੈ ਕਿ ਉੱਤਰੀ ਭਾਰਤ ਵਿੱਚੋਂ ਸਿਰਫ਼ ਭਾਜਪਾ ਸ਼ਾਸਿਤ ਸੂਬਿਆਂ ਨੂੰ ਹੀ ਗਣਤੰਤਰ ਦਿਵਸ ਦੀ ਪਰੇਡ ਵਿੱਚ ਹਿੱਸਾ ਲੈਣ ਦੀ ਇਜਾਜ਼ਤ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਗੈਰ-ਭਾਜਪਾ ਸ਼ਾਸਨ ਵਾਲੇ ਸੂਬਿਆਂ ਖਾਸ ਕਰਕੇ ਪੰਜਾਬ ਅਤੇ ਦਿੱਲੀ ਨੂੰ ਭਾਜਪਾ ਨੇ ਜਾਣਬੁੱਝ ਕੇ ਪਰੇਡ ਤੋਂ ਬਾਹਰ ਰੱਖਿਆ ਹੈ। ਭਗਵੰਤ ਮਾਨ ਨੇ ਕਿਹਾ ਕਿ ਪੰਜਾਬ ਅਤੇ ਪੰਜਾਬੀਆਂ ਨਾਲ ਇਸ ਤਰ੍ਹਾਂ ਦਾ ਪੱਖਪਾਤੀ ਸਲੂਕ ਅਤਿ ਨਿੰਦਣਯੋਗ ਅਤੇ ਅਸਹਿਣਯੋਗ ਹੈ।

## ‘ਆਪ’ ਬੇਅਦਬੀ ਮਾਮਲੇ ’ਤੇ ਸਿੱਖਾਂ ਦੀਆਂ ਭਾਵਨਾਵਾਂ ਨਾਲ ਖੇਡ ਰਹੀ ਹੈ : ਬਾਜਵਾ

ਚੰਡੀਗੜ੍ਹ, 25 ਜਨਵਰੀ (ਪੋਸਟ ਬਿਊਰੋ): ਵਿਧਾਨ ਸਭਾ ਦੇ ਸਰਕਾਰੀ ਭਰੋਸੇ ‘ਤੇ ਕਮੇਟੀ ਦੇ ਚੇਅਰਮੈਨ ਦੇ ਅਹੁਦੇ ਤੋਂ ਅਸਤੀਫ਼ਾ ਦੇਣ ਤੋਂ ਬਾਅਦ ਅੰਮ੍ਰਿਤਸਰ (ਉੱਤਰੀ) ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਦੇ ਸਮਰਥਨ ਵਿੱਚ ਖੁੱਲ ਕੇ ਆਉਂਦੇ ਹੋਏ, ਪੰਜਾਬ ਦੇ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਬੁੱਧਵਾਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਅਤੇ ਕਥਿਤ ਪੁਲਿਸ ਗੋਲੀਬਾਰੀ, ਜਿਸ ਵਿੱਚ ਦੋ ਸਿੱਖ ਨੌਜਵਾਨਾਂ ਦੀ ਮੌਤ ਹੋ ਗਈ ਸੀ, ਨਾਲ ਜੁੜੇ ਮੁੱਦਿਆਂ ਨੂੰ ਮਾੜੇ ਢੰਗ ਨਾਲ ਨਜਿੱਠਣ ਲਈ ਪੰਜਾਬ ਦੀ ‘ਆਪ’ ਸਰਕਾਰ ਦੀ ਸਖ਼ਤ ਨਿੰਦਾ ਕੀਤੀ।

ਬਾਜਵਾ ਨੇ ਕਿਹਾ ਕਿ ‘ਆਪ’ ਵਿਧਾਇਕ ਅਤੇ ਸਾਬਕਾ ਆਈਪੀਐਸ ਅਧਿਕਾਰੀ ਕੁੰਵਰ ਵਿਜੇ ਪ੍ਰਤਾਪ ਸਿੰਘ ਨੇ ਵੱਖ-ਵੱਖ ਮੌਕਿਆਂ ‘ਤੇ ਆਪਣੀ ਹੀ ਸਰਕਾਰ ਦੀ ਸਹੀ ਆਲੋਚਨਾ ਕੀਤੀ ਸੀ। ਉਨ੍ਹਾਂ ਨੇ ਬੇਅਦਬੀ ਅਤੇ ਪੁਲਿਸ ਗੋਲੀਬਾਰੀ ਦੀਆਂ ਘਟਨਾਵਾਂ ‘ਤੇ ਬਹਿਸ ਲਈ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਦੀ ਮੰਗ ਵੀ ਕੀਤੀ ਸੀ। ਜੂਨ ਵਿੱਚ ਬਜਟ ਸੈਸ਼ਨ ਦੌਰਾਨ, ਕੁੰਵਰ ਵਿਜੈ ਪ੍ਰਤਾਪ ਨੇ ਇਸ ਮੁੱਦੇ ‘ਤੇ ਇੱਕ ਕਾਲ ਅਟੈਂਸ਼ਨ ਨੋਟਿਸ ਵੀ ਪੇਸ਼ ਕੀਤਾ ਸੀ ਪਰ ਇਸ ਨੂੰ ਨਹੀਂ ਲਿਆ ਗਿਆ।

“ਇਹ ਭਗਵੰਤ ਮਾਨ ਦੀ ਅਗਵਾਈ ਵਾਲੀ ‘ਆਪ’ ਸਰਕਾਰ ਅਸੰਵੇਦਨਸ਼ੀਲ ਹੈ। ਇਹ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਨਾਲ ਖੇਡ ਰਹੀ ਹੈ। ਸਾਲ 2015 ਵਿਚ ਵਾਪਰੀਆਂ ਬੇਅਦਬੀ ਦੀਆਂ ਘਟਨਾਵਾਂ ਅਤੇ ਕਥਿਤ ਪੁਲਿਸ ਗੋਲੀਬਾਰੀ ਦਾ ਇਨਸਾਫ਼ ਦਿਵਾਉਣਾ ਚੋਣਾਂ ਤੋਂ ਪਹਿਲਾਂ ਅਤੇ ਬਾਅਦ ਵਿਚ ‘ਆਪ’ ਦਾ ਇੱਕ ਵੱਡਾ ਚੋਣ ਵਾਅਦਾ ਸੀ। ਇਸ ਦੌਰਾਨ, ‘ਆਪ’ ਸਰਕਾਰ ਨੂੰ ਸੱਤਾ ਵਿੱਚ ਆਏ ਨੂੰ ਲਗਭਗ 11 ਮਹੀਨੇ ਹੋ ਗਏ ਹਨ, ਅਤੇ ਇਹ ਮੁੱਦਾ ਹਨੇਰੇ ਵਿੱਚ ਉਲਝਿਆ ਹੋਇਆ ਹੈ”, ਵਿਰੋਧੀ ਧਿਰ ਦੇ ਆਗੂ ਨੇ ਕਿਹਾ। ਸੀਨੀਅਰ ਕਾਂਗਰਸੀ ਆਗੂ ਬਾਜਵਾ ਨੇ ਕਿਹਾ ਕਿ ‘ਆਪ’ ਸਰਕਾਰ ਜਾਣਬੁੱਝ ਕੇ ਮਾਮਲੇ ਦੀ ਅਗਲੇਰੀ ਜਾਂਚ ਲਈ ਬਣਾਈ ਗਈ ਸਿੱਟ ਦੀ ਪ੍ਰਗਤੀ ਰਿਪੋਰਟ ਦੀਆਂ ਮੀਟਿੰਗਾਂ ਤੋਂ ਬਚ ਰਹੀ ਹੈ। ਬਾਜਵਾ ਨੇ ਮੰਗ ਕੀਤੀ ਕਿ ਸਿੱਟ ਦੀ ਪ੍ਰਗਤੀ ਰਿਪੋਰਟ ਜਨਤਕ ਕੀਤੀ ਜਾਣੀ ਚਾਹੀਦੀ ਹੈ।

“14 ਅਕਤੂਬਰ 2022 ਨੂੰ, ਕਥਿਤ ਪੁਲਿਸ ਗੋਲੀਬਾਰੀ ਦੀ ਘਟਨਾ ਦੀ ਸੱਤਵੀਂ ਵਰ੍ਹੇਗੰਢ ਦੌਰਾਨ, ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਨਿਆਂ ਪ੍ਰਦਾਨ ਕਰਨ ਲਈ 45 ਦਿਨਾਂ ਦਾ ਸਮਾਂ ਮੰਗਿਆ ਸੀ। ਇਸ ਦੌਰਾਨ ਈ ਸਮਾਂ ਖ਼ਤਮ ਹੋਏ ਨੂੰ ਦੋ ਮਹੀਨੇ ਹੋ ਗਏ ਹਨ ਤੇ ਸੰਧਵਾਂ ਨੇ ਅਜੇ ਤੱਕ ਇਸ ‘ਤੇ ਇੱਕ ਵੀ ਸ਼ਬਦ ਨਹੀਂ ਬੋਲਿਆ ਹੈ।

REXDALE BODY SHOP
USED CAR SALE

CHEEMA
LOWEST PRICE IN TOWN
Towing Service Car Paint Starts $799*upto 100% Deductible Paid*
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED

25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
Call Rick or Manminder Cheema: 416.749.9596 /416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

Tri-City Professional Realty Inc., Brokerage. The Future of Real Estate
www.TriCityPro.com
Number 1. Tri-City agent in Canada on basis of sales volume 2021
ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 36 ਸਾਲਾ ਤਜਰਬੇ ਵਾਲੇ
ਅਵਤਾਰ ਸਿੰਘ ਟਿਵਾਣਾ
NEED MORE LISTINGS
Free Evaluation of your Property
Special Packages for First Time Buyer
Arrangement of Low Mortgage rate Lawyer
Arrangement of Home Inspection
Tel: 905.793.5777
Avtar Singh Tiwana
Sales Representative

416.802.5866
31 Melanie Dr. Unit #4 Brampton, ON L6T 5H8


CASTLEMORE/GOREWAY


8337 ਗਲਫ ਲਾਈਨ
401 & ਗਲਫ ਲਾਈਨ ਏਰੀਆ ਵਿਚ 2.61 ਏਕੜ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 2 ਬੈਡਰੂਮ, 1 ਵਾਸ਼ਰੂਮ ਹੈ। ਆਪਣਾ ਮਨਪਸੰਦ ਦਾ ਕਸਟਮ ਡਰੀਮ ਹਾਊਸ ਬਣਾਉਣ ਲਈ ਪਰਮਿਟ ਅਪਰੂਵਡ। ਹਾਈਵੇ 410 ਅਤੇ ਟਾਊਨ ਆਫ ਮਿਲਟਨ ਦੇ ਨਜ਼ਦੀਕ। ਏਅਰਪੋਰਟ ਤੋਂ ਕੁਝ ਹੀ ਮਿੰਟਾਂ ਦੀ ਦੂਰੀ ਉਤੇ। ਹੋਰ ਜ਼ਿਆਦਾ ਜਾਣਕਾਰੀ ਲਈ ਕਾਲ ਕਰੋ: 416-802-5866


26 Yellow RomeRd
ਕੈਸਲਮੋਰ/ਗੋਰਵੇ
ਕੈਸਲਮੋਰ/ਗੋਰਵੇ ਦੇ ਏਰੀਆ ਵਿਚ ਬਹੁਤ ਹੀ ਸੁੰਦਰ ਫੁਲੀ ਅਪਗ੍ਰੇਡਡ ਘਰ। 4 ਬੈਡਰੂਮ ਵਿਚ ਇਨਸੂਟ ਅਤੇ ਵਾਕਇਨ ਕਲਾਜ਼ਿਟ, ਮਾਡਰਨ ਕਿਚਨ ਗ੍ਰੇਨਾਈਟ ਕਾਊਂਟਰ ਟਾਪ ਦੇ ਨਾਲ। 2 ਬੈਡਰੂਮਜ਼ ਦੀ ਫਿਨਿਸ਼ਡ ਬੇਸਮੈਂਟ ਵਿਚ ਸੈਪਰੇਟ ਐਂਟਰੇਂਸ, 6 ਵਾਸ਼ਰੂਮ, 2 ਫਰਿਜ, 2 ਸਟੋਵ, ਦੂਸਰੀ ਮੰਜ਼ਲ ਉਤੇ ਲਾਂਡਰੀ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:
10 Westmore Drive
Etobicoke ON M9V-3Z7
416-740-3262
21 Lacoste Blvd,
Brampton, ON L6P 2K2
905 794-8109
621 Wanless drive, # 122
Brampton ON L7A 0A9
905-495-3336
1075 Ceremonial Drive
Mississauga ON L5R 2Z4
905-502-1600
80 Pertosa Drive
Brampton ON L5X-5E9
905-460-0009
10510 Torbram Road,
Brampton
905-790-0030
2120 North park Drive
Brampton ON L6S 0C9
905-793-1338
10 Pannahill Dr,
Brampton
905 913-8017